



ਹੱਕ ਸੱਚ ਦੀ ਆਵਾਜ਼

# ਫਤਿਹ ਟਾਈਮਜ਼

ਰੋਜ਼ਾਨਾ ਡਿਜੀਟਲ ਐਡੀਸ਼ਨ

ਮੁੱਖ ਸੰਪਾਦਕ ਸਰਬਜੋਤ ਸਿੰਘ ਸੰਧਾ

Email- fatehtimes1699@gmail.com


ਵਾਹਿਗੁਰੂ ਜੀ ਕਾ ਖਾਲਸਾ
ਵਾਹਿਗੁਰੂ ਜੀ ਕੀ ਫਤਿਹ ।।




ਮੁੱਖ ਸੰਪਾਦਕ
ਸਰਬਜੋਤ ਸਿੰਘ ਸੰਧਾ



ਰਜਿ ਨੰ : ਪੀ ਬੀ 22000167 | ਫਤਿਹਾਬਾਦ , ਐਤਵਾਰ 18 ਅਕਤੂਬਰ 2026 , ਨਾਨਕਸ਼ਾਹੀ 2 ਕੱਤਕ, ਸੰਮਤ 558 | ਸਾਲ: 5, ਅੰਕ 160 , ਪੰਨੇ: 4, ਮੁੱਲ: 4 ਰੁਪਏ


## ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਕਥਿਤ ਹੱਤਿਆ ਪੰਜਾਬ ਦੀ ਕਾਨੂੰਨ ਵਿਵਸਥਾ ਅਤੇ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ’ਤੇ ਗੰਭੀਰ ਸਵਾਲੀਆ ਨਿਸ਼ਾਨ: ਐਡਵੋਕੇਟ ਕਰਮਵੀਰ ਸਿੰਘ

ਫਤਿਹ ਟਾਈਮਜ਼

**“ਨਸ਼ਿਆਂ ਖ਼ਿਲਾਫ਼ ਲੜਨ ਵਾਲਿਆਂ ਦੀਆਂ ਜਾਨਾਂ ਨਹੀਂ ਬਚਾ ਸਕਣ ਵਾਲੀ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੇ ਦਾਅਵੇ ਕਿਸ ਮੂੰਹ ਨਾਲ ਕਰ ਰਹੀ ਹੈ?”**



ਅੰਮ੍ਰਿਤਸਰ, 17 ਅਕਤੂਬਰ (ਸੰਧਾ) ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਬੁਲਾਰੇ ਐਡਵੋਕੇਟ ਕਰਮਵੀਰ ਸਿੰਘ ਨੇ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਪਰਵਿੰਦਰ ਸਿੰਘ ਝੋਟਾ ਦੀ ਕਥਿਤ ਹੱਤਿਆ ਦੇ ਮਾਮਲੇ ’ਤੇ ਗਹਿਰੀ ਚਿੰਤਾ ਅਤੇ ਸਖ਼ਤ ਰੋਸ ਪ੍ਰਗਟ ਕਰਦਿਆਂ ਕਿਹਾ ਕਿ ਇਹ ਘਟਨਾ ਪੰਜਾਬ ਦੀ ਕਾਨੂੰਨ ਵਿਵਸਥਾ, ਨਸ਼ਾ ਵਿਰੋਧੀ ਮੁਹਿੰਮ ਅਤੇ ਨਾਗਰਿਕਾਂ ਦੀ ਸੁਰੱਖਿਆ ਬਾਰੇ ਬੇਹੱਦ ਗੰਭੀਰ ਸਵਾਲ ਖੜ੍ਹੇ ਕਰਦੀ ਹੈ।ਉਨ੍ਹਾਂ ਕਿਹਾ ਕਿ “ਜਿਸ ਪੰਜਾਬ ਵਿੱਚ ਨਸ਼ਿਆਂ ਦੇ ਸੌਦਾਗਰਾਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਹੀ ਸੁਰੱਖਿਅਤ ਨਹੀਂ, ਉੱਥੇ ਆਮ ਪੰਜਾਬੀ ਦੀ ਜਾਨ-ਮਾਲ ਦੀ ਸੁਰੱਖਿਆ ਦੀ ਗਾਰੰਟੀ ਕੌਣ ਦੇਵੇਗਾ? ਜੇਕਰ ਨਸ਼ਿਆਂ ਵਿਰੁੱਧ ਲੜਨਾ ਹੀ ਜਾਨ ਦਾ ਖ਼ਤਰਾ ਬਣ ਜਾਵੇ, ਤਾਂ ਇਹ ਸਰਕਾਰ ਦੀ ਕਾਰਗੁਜ਼ਾਰੀ ਉੱਤੇ ਸਭ ਤੋਂ ਵੱਡਾ ਸਵਾਲ ਹੈ।”

ਐਡਵੋਕੇਟ ਕਰਮਵੀਰ ਸਿੰਘ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਅਤੇ ਭਗਵੰਤ ਮਾਨ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੀ ਅਸਲ ਸਫ਼ਲਤਾ ਦਾ ਮੁਲਾਂਕਣ ਸਰਕਾਰੀ ਇਸ਼ਤਿਹਾਰਾਂ, ਪ੍ਰਚਾਰ ਅਤੇ ਵੱਡੇ-ਵੱਡੇ ਦਾਅਵਿਆਂ ਨਾਲ ਨਹੀਂ, ਸਗੋਂ ਨਸ਼ਾ ਤਸਕਰੀ ਦੇ ਖ਼ਾਤਮੇ, ਵੱਡੇ ਤਸਕਰਾਂ ਖ਼ਿਲਾਫ਼ ਕਾਰਵਾਈ ਅਤੇ ਨਸ਼ਿਆਂ ਵਿਰੁੱਧ ਸੰਘਰਸ਼ ਕਰਨ ਵਾਲੇ ਲੋਕਾਂ ਦੀ ਸੁਰੱਖਿਆ ਨਾਲ ਹੋਣਾ ਚਾਹੀਦਾ ਹੈ।

“ਸਰਕਾਰਾਂ ਇਸ਼ਤਿਹਾਰਾਂ ਨਾਲ ਆਪਣਾ ਅਕਸ ਤਾਂ ਚਮਕਾ ਸਕਦੀਆਂ ਹਨ, ਪਰ ਇਸ਼ਤਿਹਾਰਾਂ ਨਾਲ ਨਾ ਨਸ਼ਾ ਖ਼ਤਮ ਹੁੰਦਾ ਹੈ, ਨਾ ਮਾਵਾਂ ਦੇ ਉੱਜੜਦੇ ਘਰ ਵੱਸਦੇ ਹਨ ਅਤੇ ਨਾ ਹੀ ਬੇਗੁਨਾਹਾਂ ਦੀਆਂ ਜਾਨਾਂ ਵਾਪਸ ਆਉਂਦੀਆਂ ਹਨ।”

ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਤੋਂ ਬਾਅਦ ਪੰਜਾਬ ਬੰਦ ਰਾਹੀਂ ਪ੍ਰਗਟ ਹੋਏ ਰੋਸ ਨੂੰ ਸਰਕਾਰ ਨੂੰ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਪੰਜਾਬ ਦੇ ਲੋਕ ਹੁਣ ਖੋਖਲੇ ਭਰੋਸੇ ਨਹੀਂ, ਸਗੋਂ ਨਿਆਂ, ਜਵਾਬਦੇਹੀ ਅਤੇ ਨਸ਼ਾ ਤਸਕਰੀ ਦੇ ਸਮੁੱਚੇ ਤੰਤਰ ਵਿਰੁੱਧ ਠੋਸ ਕਾਰਵਾਈ ਚਾਹੁੰਦੇ ਹਨ।

ਉਨ੍ਹਾਂ ਨੇ ਸਵਾਲ ਉਠਾਇਆ ਕਿ ਨਸ਼ਾ ਤਸਕਰੀ ਨਾਲ ਸਬੰਧਤ ਮਾਮਲਿਆਂ ਵਿੱਚ ਉੱਚ ਪੁਲਿਸ ਅਧਿਕਾਰੀਆਂ ਦੀ ਭੂਮਿਕਾ ਬਾਰੇ ਸਾਹਮਣੇ ਆਈਆਂ ਜਾਂਚ ਰਿਪੋਰਟਾਂ ਅਤੇ ਗੰਭੀਰ ਦੋਸ਼ਾਂ ਉੱਤੇ ਹੁਣ ਤੱਕ ਕੀ ਨਿਰਣਾਇਕ ਕਾਰਵਾਈ ਕੀਤੀ ਗਈ ਹੈ? ਉਨ੍ਹਾਂ ਕਿਹਾ ਕਿ ਰਾਜਜੀਤ ਸਿੰਘ ਸਮੇਤ ਨਸ਼ਾ ਤਸਕਰੀ ਨਾਲ ਜੁੜੇ ਵਿਵਾਦਤ ਮਾਮਲਿਆਂ ਵਿੱਚ ਜਾਂਚ ਦੀ ਪ੍ਰਗਤੀ, ਜਵਾਬਦੇਹੀ ਅਤੇ ਕੀਤੀ ਗਈ ਕਾਰਵਾਈ ਦਾ ਪੂਰਾ ਵੇਰਵਾ ਜਨਤਕ ਕੀਤਾ ਜਾਣਾ ਚਾਹੀਦਾ ਹੈ।

“ਨਸ਼ਿਆਂ ਦੇ ਕਾਰੋਬਾਰ ਦੀਆਂ ਜੜ੍ਹਾਂ ਤੱਕ ਪਹੁੰਚਣ ਦੀ ਬਜਾਏ ਜੇਕਰ ਸਿਰਫ਼ ਛੋਟੇ ਤਸਕਰਾਂ ਨੂੰ ਫੜ ਕੇ ਸਰਕਾਰ ਆਪਣੀ ਪਿੱਠ ਥਾਪੜਦੀ ਰਹੇ, ਤਾਂ ਪੰਜਾਬ ਨਸ਼ਾ ਮੁਕਤ ਨਹੀਂ ਹੋ ਸਕਦਾ। ਅਸਲ ਲੜਾਈ ਨਸ਼ਿਆਂ ਦੇ ਵੱਡੇ ਸਰਗਣਿਆਂ, ਉਨ੍ਹਾਂ ਦੇ ਆਰਥਿਕ ਸਰੋਤਾਂ ਅਤੇ ਉਨ੍ਹਾਂ ਨੂੰ ਮਿਲਣ ਵਾਲੀ ਕਿਸੇ ਵੀ ਸਿਆਸੀ ਜਾਂ ਪ੍ਰਸ਼ਾਸਨਿਕ ਸਰਪ੍ਰਸਤੀ ਵਿਰੁੱਧ ਹੋਣੀ ਚਾਹੀਦੀ ਹੈ।”

ਉਨ੍ਹਾਂ ਮੰਗ ਕੀਤੀ ਕਿ ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਦੀ ਸੁਤੰਤਰ, ਨਿਰਪੱਖ ਅਤੇ ਸਮਾਂਬੱਧ ਜਾਂਚ ਕਰਵਾਈ ਜਾਵੇ। ਜਾਂਚ ਦੌਰਾਨ ਨਸ਼ਾ ਤਸਕਰਾਂ, ਸਿਆਸੀ ਆਗੂਆਂ, ਪੁਲਿਸ ਅਧਿਕਾਰੀਆਂ ਜਾਂ ਹੋਰ ਪ੍ਰਭਾਵਸ਼ਾਲੀ (ਬਾਕੀ ਸਫਾ 2 ਤੇ)

## ਮਿਹਨਤ ਨਾਲ ਹਰ ਮੈਦਾਨ ਫਤਿਹ ਹੋ ਸਕਦੈ।

### ਸਰਬਜੋਤ ਸਿੰਘ ਸੰਧਾ

ਫਤਿਹ ਟਾਈਮਜ਼ ਸੰਪਾਦਕੀ

ਮਨੁੱਖ ਕੁਦਰਤ ਦੀ ਬਣਾਈ ਉਹ ਸ਼ੈਅ ਹੈ ਜੋ ਮਰਿਆਦਾ ਚ ਰਹੇ ਤਾ ਵਿਕਾਸ ਹੁੰਦਾ ਤੇ ਜੇਕਰ ਮਰਿਆਦਾ ਤੋਂ ਬਾਹਰ ਹੋ ਜਾਵੇ ਫਿਰ ਵਿਨਾਸ਼ ਹੀ ਹੁੰਦਾ । ਇਨਸਾਨ ਆਪਣੀ ਜਿੰਦਗੀ ਵਿਚ ਕੁਝ ਨਾ ਕੁਝ ਕਰਨ ਲਈ ਹਮੇਸ਼ਾ ਤਰਲੋ ਮੱਛੀ ਹੁੰਦਾ ਰਹਿੰਦਾ ਹੈ ਪਰ ਜੇਕਰ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਤਾ ਉਸਦੀ ਸਾਰੀ ਘਾਲਣਾ ਵਿਅਰਥ ਚਲੇ ਜਾਂਦੀ ਹੈ ਕਿਉਂ ਕਿ ਉਸ ਨੇ ਕੋਈ ਟੀਚਾ ਨਹੀ ਮਿੱਥਿਆ ਹੁੰਦਾ।ਮੰਜਿਲਾਂ ਭਾਵੇਂ ਜਿੰਨੀਆਂ ਮਰਜੀ ਉੱਚੀਆਂ ਹੋਣ ਪਰ ਰਸਤੇ ਤਾਂ ਹਮੇਸ਼ਾਂ ਪੈਰਾਂ ਥੱਲੇ ਹੁੰਦੇ ਨੇ। ਇਨਸਾਨ ਮਿਹਨਤ ਕਰਕੇ ਕਿਸੇ ਵੀ ਟੀਚੇ ਨੂੰ ਹਾਸਲ ਕਰ ਸਕਦਾ ਹੈ ਹਾਂ ਉਸ ਇਨਸਾਨ ਵਲੋਂ ਆਪਣੇ ਟੀਚੇ ਦੀ ਪ੍ਰਾਪਤੀ ਤੱਕ ਸਖਤ ਮਿਹਨਤ ਕਰਦੇ ਰਹਿਣ ਦੀ ਲੋੜ ਹੁੰਦੀ ਹੈ । ਇਸ ਲਈ ਜਿੰਦਗੀ ਨੂੰ ਇਕੱਲਾ ਸਮਾਂ ਲੰਗਾਉਣ ਲਈ ਨਹੀ ਇਕ ਟੀਚਾ ਮਿੱਥ ਕੇ ਜੀਓ ਤਾ ਫਿਰ ਮਿਹਨਤ ਹਮੇਸ਼ਾ ਤੁਹਾਡਾ ਸਾਥੀ ਬਣ ਕੇ ਨਾਲ ਰਹੇਗੀ।






## ਪੰਜਾਬ ਦੇ ਪੁੱਤ ਨਸ਼ਿਆਂ ਤੇ ਗੈਂਗਸਟਰਾਂ ਦੀ ਭੇਟ ਚੜ੍ਹ ਰਹੇ, ਮਾਨ ਨੂੰ ਪੈਰਿਸ ਘੁੰਮਣ ਦੀ ਪਈ : ਪ੍ਰੋ. ਸਰਚਾਂਦ ਸਿੰਘ ਖਿਆਲਾ

ਫਤਿਹ ਟਾਈਮਜ਼

**ਮੁੱਖ ਮੰਤਰੀ ਦੀ ਪ੍ਰਸਤਾਵਿਤ ਫਰਾਂਸ ਫੇਰੀ ’ਤੇ ਚੁੱਕੇ ਸਵਾਲ; ਸੁਰੱਖਿਆ ਮਨਜ਼ੂਰੀ, ਅਧਿਕਾਰਤ ਸੱਦੇ ਅਤੇ ਸਰਕਾਰੀ ਖ਼ਰਚੇ ਬਾਰੇ ਮੰਗਿਆ ਜਵਾਬ।**



ਅੰਮ੍ਰਿਤਸਰ, 17 ਅਕਤੂਬਰ (ਫ.ਟ.ਬ) ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਪ੍ਰਸਤਾਵਿਤ ਫਰਾਂਸ ਫੇਰੀ ’ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਜਦੋਂ ਪੰਜਾਬ ਦੇ ਪੁੱਤ ਨਸ਼ਿਆਂ, ਗੈਂਗਸਟਰ ਹਿੰਸਾ ਅਤੇ ਵਿਗੜ ਰਹੀ ਕਾਨੂੰਨ ਵਿਵਸਥਾ ਕਾਰਨ ਕਾਰੋਬਾਰੀਆਂ ਵਿੱਚ ਡਰ ਦਾ ਮਾਹੌਲ ਹੈ, ਤਾਂ ਮੁੱਖ ਮੰਤਰੀ ਨੂੰ ਪੰਜਾਬ ਦੀ ਚਿੰਤਾ ਕਰਨ ਦੀ ਬਜਾਏ ਵਿਦੇਸ਼ ਜਾਣ ਦੀ ਪਈ ਹੋਵੇ , ਲੋਕਾਂ ਪ੍ਰਤੀ ਇਸ ਬੇਪ੍ਰਵਾਹੀ ਨੂੰ ’’ਪਿੰਡ ਨੂੰ ਅੱਗ ਲੱਗੀ ਤੇ ਕੁੱਤਾ ਰੂੜੀ ’ਤੇ’’ ਕਿਉਂ ਨਾ ਕਿਹਾ ਜਾਵਾ, ਇਹ ਪੰਜਾਬੀ ਕਹਾਵਤ ਅੱਜ ਪੰਜਾਬ ਸਰਕਾਰ ਦੀਆਂ ਤਰਜੀਹਾਂ ’ਤੇ ਬਿਲਕੁਲ ਢੁੱਕਦੀ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੱਤਾ ਵਿੱਚ ਆਇਆਂ ਲਗਭਗ ਸਾਢੇ ਚਾਰ ਸਾਲ ਹੋ ਚੁੱਕੇ ਹਨ, ਪਰ ਨਾ ਪੰਜਾਬ ਨਸ਼ਾ ਮੁਕਤ ਹੋਇਆ ਅਤੇ ਨਾ ਹੀ ਸੂਬੇ ਵਿੱਚ ਨਿਵੇਸ਼ ਲਈ ਸੁਰੱਖਿਅਤ ਮਾਹੌਲ ਬਣ ਸਕਿਆ। ਹੁਣ ਵਿਦੇਸ਼ੀ ਨਿਵੇਸ਼ ਦੇ ਨਾਂ ’ਤੇ ਆਪਣੀਆਂ ਨਾਕਾਮੀਆਂ ਉੱਤੇ ਪਰਦਾ ਪਾਉਣਾ ਚਾਹੁੰਦੀ ਹੈ। ਸਵਾਲ ਇਹ ਹੈ ਕਿ ਵਿਦੇਸ਼ੀ ਦੌਰਿਆਂ ਅਤੇ ਨਿਵੇਸ਼ ਸਬੰਧੀ ਦਾਅਵਿਆਂ ਨਾਲ ਹੁਣ ਤੱਕ ਪੰਜਾਬ ਨੂੰ ਅਸਲ ਵਿੱਚ ਕਿੰਨਾ ਵਿਦੇਸ਼ੀ ਨਿਵੇਸ਼ ਮਿਲਿਆ, ਕਿੰਨੇ ਉਦਯੋਗ ਸਥਾਪਤ ਹੋਏ ਅਤੇ ਕਿੰਨੇ ਨੌਜਵਾਨਾਂ ਨੂੰ ਰੁਜ਼ਗਾਰ ਮਿਲਿਆ?

ਉਨ੍ਹਾਂ ਕਿਹਾ ਕਿ ਜਦੋਂ ਕਾਰੋਬਾਰੀਆਂ ਅਤੇ ਨਿਵੇਸ਼ਕਾਂ ਨੂੰ ਫਿਰੌਤੀਆਂ, ਗੋਲੀਬਾਰੀ ਅਤੇ ਗੈਂਗਸਟਰਾਂ ਦਾ ਡਰ ਸਤਾ ਰਿਹਾ ਹੋਵੇ, ਤਾਂ ਮੁੱਖ ਮੰਤਰੀ ਦੀ ਪਹਿਲੀ ਜ਼ਿੰਮੇਵਾਰੀ ਪੰਜਾਬ ਵਿੱਚ ਕਾਨੂੰਨ ਵਿਵਸਥਾ ਸੁਧਾਰਨਾ ਅਤੇ ਨਿਵੇਸ਼ਕਾਂ ਦਾ ਭਰੋਸਾ ਬਹਾਲ ਕਰਨਾ ਹੈ, ਨਾ ਕਿ ਵਿਦੇਸ਼ੀ ਦੌਰੇ ’ਤੇ ਨਿਕਲਣਾ।

ਪ੍ਰੋ. ਖਿਆਲਾ ਨੇ ਮੁੱਖ ਮੰਤਰੀ ਦੇ ਜਨਮ ਦਿਨ ਦੇ ਨੇੜੇ (ਬਾਕੀ ਸਫਾ 2 ਤੇ)

## ਭਰੋਵਾਲ ਦੇ ਪ੍ਰਦੇਸ਼ ਕਾਰਜਕਾਰਨੀ ਕਮੇਟੀ ਮੈਂਬਰ ਬਣਨ ’ਤੇ ਖਡੂਰ ਸਾਹਿਬ ਹਲਕੇ ਦੇ ਭਾਜਪਾ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ

ਫਤਿਹ ਟਾਈਮਜ਼

**ਪਿੰਡ ਮਾਲਚੱਕ ਵਿਖੇ ਬਾਬਾ ਸਵਰਨ ਸਿੰਘ ਨੇ ਸਾਥੀਆਂ ਸਮੇਤ ਰਮਨਦੀਪ ਸਿੰਘ ਭਰੋਵਾਲ ਨੂੰ ਕੀਤਾ ਸਨਮਾਨਿਤ**



ਖਡੂਰ ਸਾਹਿਬ, 17 ਅਕਤੂਬਰ (ਫ.ਟ.ਬ) ਭਾਰਤੀ ਜਨਤਾ ਪਾਰਟੀ ਵੱਲੋਂ ਪੰਜਾਬ ਪ੍ਰਦੇਸ਼ ਕਾਰਜਕਾਰਨੀ ਕਮੇਟੀ ਵਿੱਚ ਖਡੂਰ ਸਾਹਿਬ ਹਲਕੇ ਤੋਂ ਪਾਰਟੀ ਦੀ ਮਜ਼ਬੂਤੀ ਲਈ ਸਰਗਰਮੀ ਨਾਲ ਕੰਮ ਕਰ ਰਹੇ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਨੂੰ ਮੈਂਬਰ ਨਿਯੁਕਤ ਕੀਤੇ ਜਾਣ ’ਤੇ ਹਲਕੇ ਦੇ ਭਾਜਪਾ ਵਰਕਰਾਂ ਵਿੱਚ ਖੁਸ਼ੀ ਅਤੇ ਉਤਸ਼ਾਹ ਦੀ ਲਹਿਰ ਪਾਈ ਜਾ ਰਹੀ ਹੈ। ਇਸ ਨਿਯੁਕਤੀ ਨੂੰ ਲੈ ਕੇ ਪਾਰਟੀ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਇਸੇ ਤਹਿਤ ਪਿੰਡ ਮਾਲਚੱਕ ਵਿਖੇ ਖਡੂਰ ਸਾਹਿਬ ਸਰਕਲ ਦੇ ਮੀਤ ਪ੍ਰਧਾਨ ਬਾਬਾ ਸਵਰਨ ਸਿੰਘ ਨੇ ਆਪਣੇ ਗ੍ਰਹਿ ਵਿਖੇ ਰਮਨਦੀਪ ਸਿੰਘ ਭਰੋਵਾਲ ਨੂੰ ਸਾਥੀਆਂ ਸਮੇਤ ਬੁਲਾ ਕੇ ਵਿਸ਼ੇਸ਼ ਤੌਰ ’ਤੇ ਸਨਮਾਨਿਤ ਕੀਤਾ।

ਇਸ ਮੌਕੇ ਬਾਬਾ ਸਵਰਨ ਸਿੰਘ ਨੇ ਕਿਹਾ ਕਿ ਰਮਨਦੀਪ ਸਿੰਘ ਭਰੋਵਾਲ ਦੀ ਨਿਯੁਕਤੀ ਨਾਲ ਹਲਕੇ ਦੇ ਭਾਜਪਾ ਵਰਕਰਾਂ ਵਿੱਚ ਨਵਾਂ ਜੋਸ਼ ਅਤੇ ਉਤਸ਼ਾਹ ਪੈਦਾ ਹੋਇਆ ਹੈ। ਉਨ੍ਹਾਂ ਕਿਹਾ ਕਿ ਉਹ ਹਲਕਾ ਖਡੂਰ ਸਾਹਿਬ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਰਮਨਦੀਪ ਸਿੰਘ ਭਰੋਵਾਲ ਨਾਲ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਗੇ ਅਤੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਲਈ ਪੂਰੀ ਮਿਹਨਤ ਕਰਨਗੇ।ਇਸ ਮੌਕੇ ਰਮਨਦੀਪ ਸਿੰਘ ਭਰੋਵਾਲ ਨੇ ਬਾਬਾ ਸਵਰਨ ਸਿੰਘ ਅਤੇ ਸਮੂਹ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਲਗਾਤਾਰ ਮਿਹਨਤ ਕਰ (ਬਾਕੀ ਸਫਾ 2 ਤੇ)




ਸਫਾ 1 ਦੀ ਬਾਕੀ

## ਅਮਿਤ ਸ਼ਾਹ ਨੇ ਪੰਜਾਬ ਦੇ ਹਾਲਾਤਾਂ ’ਤੇ ਸਹੀ ਸਵਾਲ ਚੁੱਕੇ, ਭਗਵੰਤ....

ਵਿਅਕਤੀਆਂ ਦੀ ਕਿਸੇ ਵੀ ਸੰਭਾਵਿਤ ਮਿਲੀਭੁਗਤ ਨੂੰ ਬਿਨਾਂ ਕਿਸੇ ਦਬਾਅ ਦੇ ਜਾਂਚਿਆ ਜਾਵੇ। ਨਸ਼ਾ ਤਸਕਰੀ ਤੋਂ ਇਕੱਠੀ ਕੀਤੀ ਗਈ ਗ਼ੈਰਕਾਨੂੰਨੀ ਸੰਪਤੀ, ਸ਼ੱਕੀ ਵਿੱਤੀ ਲੈਣ-ਦੇਣ ਅਤੇ ਆਮਦਨ ਤੋਂ ਵੱਧ ਜਾਇਦਾਦ ਦੇ ਮਾਮਲਿਆਂ ਦੀ ਵੀ ਕਾਨੂੰਨ ਅਨੁਸਾਰ ਜਾਂਚ ਹੋਣੀ ਚਾਹੀਦੀ ਹੈ।

ਪਰਵਿੰਦਰ ਸਿੰਘ ਝੋਟੇ ਦਾ ਸਰਕਾਰੀ ਸਰਪ੍ਰਸਤੀ ਹੇਠ ਹੋਇਆ ਕਤਲ: ਪੰਜਾਬ ਸਰਕਾਰ ਨੇ ਯੁੱਧ ਨਸ਼ੇ ਦੇ ਕਾਰੋਬਾਰ ਦਾ ਜੋ ਲੋਕ ਵਿਰੋਧ ਕਰ ਰਹੇ ਹਨ ਉਹਨਾਂ ਖ਼ਿਲਾਫ਼ ਸ਼ੁਰੂ ਕੀਤਾ ਹੈਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਨੇਤਾ - ਪੁਲੀਸ - ਅਤੇ ਨਸ਼ੇ ਕਾਰੋਬਾਰੀਆਂ ਦਾ ਨੈਕਸਸ ਖ਼ਤਮ ਕਰਨ ਦੀ ਲੋੜ ਹੈ।ਐਡਵੋਕੇਟ ਕਰਮਵੀਰ ਸਿੰਘ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਸਪੱਸ਼ਟ ਮਤ ਹੈ ਕਿ ਪੰਜਾਬ ਦੀ ਹੋਂਦ, ਪੰਜਾਬ ਦੀ ਜਵਾਨੀ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਲਈ ਨਸ਼ਿਆਂ, ਭ੍ਰਿਸ਼ਟਾਚਾਰ, ਕਥਿਤ ਝੂਠੇ ਪੁਲਿਸ ਮੁਕਾਬਲਿਆਂ ਅਤੇ ਸੱਤਾ ਦੀ ਦੁਰਵਰਤੋਂ ਵਿਰੁੱਧ ਨਿਰਣਾਇਕ ਸੰਘਰਸ਼ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਸੱਚ, ਨਿਆਂ, ਸਰਬੱਤ ਦੇ ਭਲੇ, ਮਨੁੱਖੀ ਬਰਾਬਰੀ ਅਤੇ ਜ਼ੁਲਮ ਵਿਰੁੱਧ ਡਟਣ ਦੇ ਸਿਧਾਂਤ ਹੀ ਪੰਜਾਬ ਦੀ ਰਾਜਨੀਤਿਕ ਅਤੇ ਸਮਾਜਿਕ ਪੁਨਰ-ਸਿਰਜਣਾ ਦਾ ਆਧਾਰ ਬਣਨੇ ਚਾਹੀਦੇ ਹਨ।

“ਗੁਰਾਂ ਦਾ ਪੰਜਾਬ ਕਿਸੇ ਨਸ਼ਾ ਮਾਫ਼ੀਆ ਦੀ ਜਾਗੀਰ ਨਹੀਂ। ਇਹ ਗੁਰੂਆਂ, ਸ਼ਹੀਦਾਂ ਅਤੇ ਸੰਘਰਸ਼ਸ਼ੀਲ ਲੋਕਾਂ ਦੀ ਧਰਤੀ ਹੈ। ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੀ ਦਲਦਲ ਵਿੱਚ ਧੱਕਣ ਵਾਲੇ ਕਿਸੇ ਵੀ ਤੰਤਰ ਨੂੰ ਕਾਨੂੰਨ ਅਤੇ ਲੋਕਤੰਤਰਿਕ ਜਵਾਬਦੇਹੀ ਤੋਂ ਉੱਪਰ ਨਹੀਂ ਰਹਿਣ ਦਿੱਤਾ ਜਾ ਸਕਦਾ।”

ਅੰਤ ਵਿੱਚ ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਦੇ ਡੀ.ਜੀ.ਪੀ. ਤੋਂ ਨਸ਼ਿਆਂ ਦੀ ਸਮੱਸਿਆ ਅਤੇ ਨਾਗਰਿਕ ਸੁਰੱਖਿਆ ਦੇ ਮਾਮਲੇ ਵਿੱਚ ਜਵਾਬਦੇਹੀ ਤੈਅ ਕਰਨ ਦੀ ਮੰਗ ਕਰਦਿਆਂ ਕਿਹਾ ਕਿ ਦੋਵਾਂ ਨੂੰ ਨੈਤਿਕ ਜ਼ਿੰਮੇਵਾਰੀ ਕਬੂਲ ਕਰਕੇ ਆਪਣੇ ਅਹੁਦਿਆਂ ਤੋਂ ਅਸਤੀਫ਼ੇ ਦੇਣੇ ਚਾਹੀਦੇ ਹਨ।

“ਪੰਜਾਬ ਨੂੰ ਹੁਣ ਨਸ਼ਿਆਂ ਵਿਰੁੱਧ ਨਾਅਰਿਆਂ ਦੀ ਨਹੀਂ, ਨਸ਼ਾ ਤਸਕਰੀ ਦੇ ਸਮੁੱਚੇ ਤੰਤਰ ਵਿਰੁੱਧ ਇਮਾਨਦਾਰ ਕਾਰਵਾਈ ਦੀ ਲੋੜ ਹੈ। ਪੰਜਾਬ ਨੂੰ ਪ੍ਰਚਾਰ ਨਹੀਂ, ਇਨਸਾਫ਼ ਚਾਹੀਦਾ ਹੈ; ਖੋਖਲੇ ਵਾਅਦੇ ਨਹੀਂ, ਸੁਰੱਖਿਅਤ ਭਵਿੱਖ ਚਾਹੀਦਾ ਹੈ।”

ਸਫਾ 1 ਦੀ ਬਾਕੀ

## ਪੰਜਾਬ ਦੇ ਪੁੱਤ ਨਸ਼ਿਆਂ ਤੇ ਗੈਂਗਸਟਰਾਂ ਦੀ ਭੇਟ ਚੜ੍ਹ ਰਹੇ, ਮਾਨ ਨੂੰ ਪੈਰਿਸ ਘੁੰਮਣ..

ਪ੍ਰਸਤਾਵਿਤ ਇਸ ਫੇਰੀ ਦੇ ਮਕਸਦ ’ਤੇ ਵੀ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਇਸ ਦੌਰੇ ਦਾ ਸਬੰਧ ਅੰਤਰਰਾਸ਼ਟਰੀ ਖੁਰਾਕ ਮੇਲੇ ਸ਼ੀਅਲ ਵਿੱਚ ਮਾਰਕਫੈੱਡ ਦੀ ਸ਼ਮੂਲੀਅਤ ਨਾਲ ਦੱਸਿਆ ਜਾ ਰਿਹਾ ਹੈ। ਜੇਕਰ ਮਾਰਕਫੈੱਡ ਉੱਥੇ ਆਪਣੇ ਉਤਪਾਦਾਂ ਦੀ ਨੁਮਾਇਸ਼ ਕਰ ਰਿਹਾ ਹੈ, ਤਾਂ ਮੁੱਖ ਮੰਤਰੀ ਦਾ ਜਾਣਾ ਕਿਉਂ ਜ਼ਰੂਰੀ ਹੈ? ਸਰਕਾਰ ਸਪੱਸ਼ਟ ਕਰੇ ਕਿ ਇਸ ਦੌਰੇ ਨਾਲ ਪੰਜਾਬ ਨੂੰ ਕਿਹੜੇ ਠੋਸ ਅਤੇ ਮਾਪਣਯੋਗ ਲਾਭ ਮਿਲਣਗੇ।ਉਨ੍ਹਾਂ ਮੁੱਖ ਮੰਤਰੀ ਦੀ ਪਤਨੀ ਨੂੰ ਵਫ਼ਦ ਵਿੱਚ ਸ਼ਾਮਲ ਕੀਤੇ ਜਾਣ ’ਤੇ ਵੀ ਸਵਾਲ ਉਠਾਉਂਦਿਆਂ ਪੁੱਛਿਆ ਕਿ ਇਸ ਦੌਰੇ ਵਿੱਚ ਉਨ੍ਹਾਂ ਦੀ ਅਧਿਕਾਰਤ ਭੂਮਿਕਾ ਕੀ ਹੈ ਅਤੇ ਯਾਤਰਾ, ਠਹਿਰਨ ਤੇ ਹੋਰ ਪ੍ਰਬੰਧਾਂ ’ਤੇ ਸਰਕਾਰੀ ਖ਼ਜ਼ਾਨੇ ਵਿੱਚੋਂ ਕਿੰਨਾ ਖ਼ਰਚ ਹੋਵੇਗਾ? ਲੋਕਾਂ ਨੂੰ ਇਹ ਜਾਣਨ ਦਾ ਹੱਕ ਹੈ ਕਿ ਦੌਰੇ ਦਾ ਖ਼ਰਚਾ ਕੌਣ ਚੁੱਕੇਗਾ ਅਤੇ ਪੰਜਾਬ ਨੂੰ ਇਸ ਤੋਂ ਕੀ ਹਾਸਲ ਹੋਵੇਗਾ।ਸੁਰੱਖਿਆ ਖ਼ਤਰਿਆਂ ਦੇ ਬਾਵਜੂਦ ਫਰਾਂਸ ਜਾਣ ਦੀ ਕਾਹਲ ’ਤੇ ਸਵਾਲ ਉਠਾਉਂਦਿਆਂ ਪ੍ਰੋ. ਖਿਆਲਾ ਨੇ ਕਿਹਾ ਕਿ ਕੇਂਦਰੀ ਵਿਦੇਸ਼ ਮੰਤਰਾਲੇ ਨੇ ਪਹਿਲਾਂ ਕੱਟੜਪੰਥੀ ਸਮੂਹਾਂ ਤੋਂ ਸੰਭਾਵੀ ਖ਼ਤਰੇ ਅਤੇ ਫਰਾਂਸ ਸਰਕਾਰ ਵੱਲੋਂ ਰਸਮੀ ਸੱਦਾ ਪੱਤਰ ਨਾ ਹੋਣ ਦਾ ਹਵਾਲਾ ਦੇ ਕੇ ਦੌਰੇ ਨੂੰ ਮਨਜ਼ੂਰੀ ਨਹੀਂ ਦਿੱਤੀ ਸੀ। ਜੇ ਪੰਜਾਬ ਸਰਕਾਰ ਵੀ ਵਿਦੇਸ਼ ਵਿੱਚ ਮੁੱਖ ਮੰਤਰੀ ਦੀ ਸੁਰੱਖਿਆ ਨੂੰ ਲੈ ਕੇ ਖ਼ਦਸ਼ੇ ਮੰਨਦੀ ਹੈ, ਤਾਂ ਸਰਕਾਰ ਸਪੱਸ਼ਟ ਕਰੇ ਕਿ ਹੁਣ ਕਿਹੜੇ ਹਾਲਾਤ ਬਦਲੇ ਹਨ ਅਤੇ ਦੌਰੇ ਲਈ ਲੋੜੀਂਦੀਆਂ ਮਨਜ਼ੂਰੀਆਂ ਹਾਸਲ ਹੋਈਆਂ ਹਨ ਜਾਂ ਨਹੀਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਦੇ ਵਿਦੇਸ਼ ਦੌਰੇ ਲਈ ਲਾਗੂ ਨਿਯਮਾਂ, ਰਾਜਸੀ ਮਨਜ਼ੂਰੀਆਂ ਅਤੇ ਸਰਕਾਰੀ ਪ੍ਰੋਟੋਕੋਲ ਦੀ ਪਾਲਣਾ ਯਕੀਨੀ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਪੰਜਾਬ ਦੇ ਲੋਕਾਂ ਨੂੰ ਦੌਰੇ ਦੇ ਉਦੇਸ਼, ਸਰਕਾਰੀ ਖ਼ਰਚੇ ਅਤੇ ਪੰਜਾਬ ਨੂੰ ਹੋਣ ਵਾਲੇ ਠੋਸ ਲਾਭਾਂ ਬਾਰੇ ਜਾਣਨ ਦਾ ਪੂਰਾ ਹੱਕ ਹੈ।ਪ੍ਰੋ. ਖਿਆਲਾ ਨੇ ਕਿਹਾ ਕਿ ਪੰਜਾਬ ਦੇ ਪੁੱਤ ਨਸ਼ਿਆਂ ਅਤੇ ਗੈਂਗਸਟਰਵਾਦ ਦੀ ਭੇਟ ਚੜ੍ਹ ਰਹੇ ਹਨ, ਪਰ ਮੁੱਖ ਮੰਤਰੀ ਨੂੰ ਪੰਜਾਬ ਦੇ ਹਾਲਾਤ ਸੁਧਾਰਨ ਦੀ ਬਜਾਏ ਫਰਾਂਸ ਦੀ ਸੈਰ ਦੀ ਪਈ ਹੈ। ਜੇ ਦੌਰੇ ਦਾ ਮਕਸਦ ਨਿਵੇਸ਼ ਲਿਆਉਣਾ ਹੈ, ਤਾਂ ਭਗਵੰਤ ਮਾਨ ਪਹਿਲਾਂ ਦੱਸਣ ਕਿ ਸਾਢੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਕਿੰਨਾ ਅਸਲ ਨਿਵੇਸ਼ ਆਇਆ ਅਤੇ ਉਦਯੋਗਾਂ ਤੇ ਰੁਜ਼ਗਾਰ ਲਈ ਕਿਹੜੇ ਠੋਸ ਨਤੀਜੇ ਸਾਹਮਣੇ ਆਏ। ਨਸ਼ਿਆਂ, ਫਿਰੌਤੀਆਂ ਅਤੇ ਗੈਂਗਸਟਰਾਂ ਦੇ ਡਰ ਵਾਲੇ ਮਾਹੌਲ ਵਿੱਚ ਨਿਵੇਸ਼ ਨਹੀਂ ਆ ਸਕਦਾ। ਸਰਕਾਰ ਨੂੰ ਵਿਦੇਸ਼ੀ ਦੌਰਿਆਂ ਦੀ ਬਜਾਏ ਪੰਜਾਬ ਵਿੱਚ ਅਮਨ-ਕਾਨੂੰਨ ਅਤੇ ਨਿਵੇਸ਼-ਪੱਖੀ ਮਾਹੌਲ ਸੁਧਾਰਨ ਵੱਲ ਧਿਆਨ ਦੇਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ‘ਬਦਲਾਅ’ ਦੇ ਵਾਅਦੇ ਨਾਲ ਸੱਤਾ ਵਿੱਚ ਆਈ ‘ਆਪ’ ਸਰਕਾਰ ਹੁਣ ਲੋਕਾਂ ਦੀਆਂ ਉਮੀਦਾਂ ’ਤੇ ਖਰੀ ਉਤਰਨ ਵਿੱਚ ਨਾਕਾਮ ਰਹੀ ਹੈ। ਚਾਰ ਕੁ ਮਹੀਨੇ ਰਹਿ ਗਏ ਹਨ। ਪੰਜਾਬ ਦੇ ਲੋਕ ਸਰਕਾਰ ਦੀ ਕਾਰਗੁਜ਼ਾਰੀ ਦਾ ਹਿਸਾਬ ਚੋਣਾਂ ਵਿੱਚ ਲੈਣਗੇ। ਜਨਾਬ ਜੀ, ਪੰਜਾਬ ਨੂੰ ਹਾਲੋਂ-ਬੇਹਾਲ ਕਰਕੇ ਹੁਣ ਪੈਰਿਸ ਦੀ ਸੈਰ ਦੇ ਸੁਪਨੇ ਦੇਖਣ ਵਾਲਿਆਂ ਨੂੰ ਪੰਜਾਬੀ ਅਜਿਹਾ ਲੋਕਤੰਤਰੀ ਸਬਕ ਸਿਖਾਉਣਗੇ, ਜੋ ਯਾਦ ਰਹੇਗਾ। ਪੰਜਾਬ ਨੂੰ ਨਸ਼ਿਆਂ ਤੋਂ ਮੁਕਤੀ, ਗੈਂਗਸਟਰਾਂ ਤੋਂ ਸੁਰੱਖਿਆ ਅਤੇ ਰੁਜ਼ਗਾਰ ਚਾਹੀਦਾ ਹੈ, ਨਾ ਕਿ ਵਿਦੇਸ਼ੀ ਦੌਰਿਆਂ ਦੇ ਦਾਅਵੇ। ਪੰਜਾਬ ਜਵਾਬ ਮੰਗਦਾ ਹੈ!

ਸਫਾ 1 ਦੀ ਬਾਕੀ

## ਭਰੋਵਾਲ ਦੇ ਪ੍ਰਦੇਸ਼ ਕਾਰਜਕਾਰਨੀ ਕਮੇਟੀ ਮੈਂਬਰ ਬਣਨ ’ਤੇ ਖਡੂਰ ਸਾਹਿਬ ਹਲਕੇ..

ਰਹੇ ਹਨ। ਉਨ੍ਹਾਂ ਆਪਣੀ ਨਿਯੁਕਤੀ ਲਈ ਪਾਰਟੀ ਦੀ ਸੂਬਾਈ ਅਤੇ ਕੇਂਦਰੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਦਿੱਤਾ ਗਿਆ ਇਹ ਮਾਣ ਅਤੇ ਜ਼ਿੰਮੇਵਾਰੀ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ।ਉਨ੍ਹਾਂ ਕਿਹਾ ਕਿ ਉਹ ਹਲਕਾ ਖਡੂਰ ਸਾਹਿਬ ਦੇ ਹਰ ਆਗੂ ਅਤੇ ਵਰਕਰ ਨੂੰ ਨਾਲ ਲੈ ਕੇ ਪਾਰਟੀ ਦੀਆਂ ਨੀਤੀਆਂ ਅਤੇ ਵਿਚਾਰਧਾਰਾ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਹੋਰ ਵੀ ਵੱਧ ਮਿਹਨਤ ਕਰਨਗੇ। ਇਸ ਦੇ ਨਾਲ ਹੀ ਉਨ੍ਹਾਂ ਕਿਹਾ ਕਿ ਪਾਰਟੀ ਵਰਕਰਾਂ ਦੇ ਮਾਣ-ਸਨਮਾਨ ਨੂੰ ਬਰਕਰਾਰ ਰੱਖਣਾ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ ’ਤੇ ਉਠਾਉਣਾ ਉਨ੍ਹਾਂ ਦੀ ਤਰਜੀਹ ਰਹੇਗੀ। ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਵਿੱਚ ਭਾਜਪਾ ਨੂੰ ਹੋਰ ਮਜ਼ਬੂਤ ਕਰਨ ਲਈ ਉਹ ਕੋਈ ਕਸਰ ਬਾਕੀ ਨਹੀਂ ਛੱਡਣਗੇ।ਇਸ ਮੌਕੇ ਬਾਬਾ ਸਵਰਨ ਸਿੰਘ ਤੋਂ ਇਲਾਵਾ ਹਰਜਿੰਦਰ ਸਿੰਘ, ਸ਼ਿੰਗਾਰਾ ਸਿੰਘ, ਸਤਨਾਮ ਸਿੰਘ, ਹਰਭਜਨ ਸਿੰਘ, ਬਲਜੀਤ ਸਿੰਘ, ਵਰਿਆਮ ਸਿੰਘ, ਮੁਖਤਿਆਰ ਸਿੰਘ, ਸਾਹਿਬ ਸਿੰਘ, ਰਣਜੀਤ ਸਿੰਘ, ਅਰਸ਼ਦੀਪ ਸਿੰਘ ਅਤੇ ਪਿੰਡ ਜਹਾਂਗੀਰ ਖੁਰਦ ਦੇ ਪੰਚਾਇਤ ਮੈਂਬਰ ਸੁਰਜੀਤ ਸਿੰਘ ਸਮੇਤ ਹੋਰ ਪਤਵੰਤੇ ਅਤੇ ਭਾਜਪਾ ਵਰਕਰ ਹਾਜ਼ਰ ਸਨ।

AMARON HI-LIFE LUBES
ਕੰਬੋਜ ਆਇਲ ਸਟੋਰ
ਫਤਿਹਾਬਾਦ
ਨੇੜੇ ਪੁਰਾਣੀ ਦਾਣਾ ਮੰਡੀ ਮੇਨ ਰੋਡ
ਐਮਰੋਨ ਕੰਪਨੀ ਦਾ ਵਧੀਆ ਮੋਟਰਸਾਈਕਲ,ਸਕੂਟੀ, ਟਰੈਕਟਰ,ਕਾਰ,ਬੱਸ ਆਦਿ ਦਾ ਇੰਜਨ ਆਇਲ ਲੈਣ ਲਈ ਸੰਪਰਕ ਕਰੋ।
ਪ੍ਰੋਪ: ਭੁਪਿੰਦਰ ਸਿੰਘ ਕੰਬੋਜ ਮੋ: 98143-00766

# ਖੇਡਾਂ ਵਤਨ ਪੰਜਾਬ ਦੀਆਂ ਵਿੱਚ ਗੁਰੂ ਅਮਰਦਾਸ ਸੀਨੀਅਰ ਸੈਕੰਡਰੀ ਸਕੂਲ ਗੋਇੰਦਵਾਲ ਸਾਹਿਬ ਦੇ ਖਿਡਾਰੀਆਂ ਨੇ ਮਾਰੀਆਂ ਮੱਲਾਂ

ਸ੍ਰੀ ਗੋਇੰਦਵਾਲ ਸਾਹਿਬ, 17 ਅਕਤੂਬਰ (ਐਸ ਐਸ ਸੰਧਾ/ ਦਿਲਬਾਗ ਸਿੰਘ) ਖੇਡਾਂ ਵਤਨ ਪੰਜਾਬ ਦੀਆਂ ਦੇ ਮੁਕਾਬਲੇ ਜ਼ਿਲ੍ਹਾ ਸਪੋਰਟਸ ਅਫ਼ਸਰ ਸਤਵੰਤ ਕੌਰ ਜੀ ਦੀ ਨਿਗਰਾਨੀ ਹੇਠ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਸੀਨੀਅਰ ਸੈਕੰਡਰੀ ਸਕੂਲ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਪਾਵਰ ਲਿਫਟਿੰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵੱਡੀਆਂ ਪ੍ਰਾਪਤੀਆਂ ਹਾਸਲ ਕੀਤੀਆਂ ਅਤੇ ਸਕੂਲ ਦੇ ਨਾਲ-ਨਾਲ ਆਪਣੇ ਮਾਪਿਆਂ ਦਾ ਨਾਮ ਵੀ ਰੌਸ਼ਨ ਕੀਤਾ।ਇਨ੍ਹਾਂ ਮੁਕਾਬਲਿਆਂ ਵਿੱਚ ਸਕੂਲ ਦੀ ਵਿਦਿਆਰਥਣ ਸਹਿਜਪ੍ਰੀਤ ਕੌਰ ਪੁੱਤਰੀ ਸਰਦਾਰ ਰਣਜੀਤ ਸਿੰਘ, ਵਾਸੀ ਪਿੰਡੀਆਂ ਨੇ ਅੰਡਰ-17 ਵਰਗ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰ੍ਹਾਂ ਬਾਰ੍ਹਵੀਂ ਜਮਾਤ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਪੁੱਤਰੀ ਸਰਦਾਰ ਸੁਖਵਿੰਦਰ ਸਿੰਘ ਵਾਸੀ ਪਿੰਡ ਛਾਪੜੀ ਸਾਹਿਬ ਨੇ ਅੰਡਰ-21 ਵਰਗ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਦਸਵੀਂ ਜਮਾਤ ਦੇ ਵਿਦਿਆਰਥੀ ਆਰਿਆਵੀਰ ਸਿੰਘ ਪੁੱਤਰ ਸਰਦਾਰ ਸੁਖਵਿੰਦਰ ਸਿੰਘ ਵਾਸੀ ਪਿੰਡ ਖਵਾਸਪੁਰ ਨੇ ਅੰਡਰ-17 ਵਰਗ ਵਿੱਚੋਂ ਦੂਜਾ ਸਥਾਨ ਹਾਸਲ ਕਰਕੇ ਸਕੂਲ ਦੀਆਂ ਪ੍ਰਾਪਤੀਆਂ ਵਿੱਚ ਵਾਧਾ ਕੀਤਾ।



## ਪਾਵਰਲਿਫਟਿੰਗ ਮੁਕਾਬਲਿਆਂ ਵਿੱਚ ਸਕੂਲ ਦੀ ਸ਼ਾਨਦਾਰ ਜਿੱਤ, ਖਿਡਾਰੀਆਂ ਨੇ ਰੌਸ਼ਨ ਕੀਤਾ ਨਾਮ।

ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ’ਤੇ ਸਕੂਲ ਦੇ ਪ੍ਰੈਜ਼ੀਡੈਂਟ ਮੈਡਮ ਬਲਜੀਤ ਕੌਰ ਰੰਧਾਵਾ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਸਫ਼ਲਤਾ ਉਨ੍ਹਾਂ ਦੀ ਮਿਹਨਤ, ਦ੍ਰਿੜ੍ਹ ਇਰਾਦੇ, ਅਨੁਸ਼ਾਸਨ ਅਤੇ ਲਗਨ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਮਿਹਨਤ ਕਰਕੇ ਨਵੀਆਂ ਮੰਜ਼ਿਲਾਂ ਸਰ ਕਰਨ ਲਈ ਪ੍ਰੇਰਿਤ ਕੀਤਾ।ਸਕੂਲ ਦੇ ਪ੍ਰਿੰਸੀਪਲ ਮੈਡਮ ਸ਼੍ਰੀਮਤੀ ਰਵਿੰਦਰ ਕੌਰ ਜੀ ਨੇ ਵੀ ਜੇਤੂ ਵਿਦਿਆਰਥੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਹੋਰਨਾਂ ਬੱਚਿਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਉਨ੍ਹਾਂ ਨੇ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਭਾਗ ਲੈਣਾ ਬੱਚਿਆਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਲਈ ਬਹੁਤ ਜ਼ਰੂਰੀ ਹੈ। ਸਕੂਲ ਹਮੇਸ਼ਾ ਵਿਦਿਆਰਥੀਆਂ ਦੀਆਂ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ ਅਤੇ ਉਨ੍ਹਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।

# ਸੂਬਾ ਪ੍ਰਧਾਨ ਪ੍ਰਗਟ ਸਿੰਘ ਦੀ ਹਲਕਾ ਦਾਖਾ ’ਚ ਪਹਿਲੀ ਫੇਰੀ ਨੇ ਛੇੜੀ ਨਵੀਂ ਚਰਚਾ

## ਸਾਬਕਾ ਸਰਪੰਚ ਜਤਿੰਦਰ ਸਿੰਘ ਦਾਖਾ ਵੱਲੋਂ ਕੀਤਾ ਸਨਮਾਨ

ਮੁੱਲਾਂਪੁਰ ਦਾਖਾ, 17 ਅਕਤੂਬਰ (ਦਵਿੰਦਰ ਸਿੰਘ ਲੰਮੇਂ) ਪੰਜਾਬ ਕਾਂਗਰਸ ਦੇ ਇੰਚਾਰਜ ਸਚਿਨ ਪਾਇਲਟ ਇੰਨੀ ਦਿਨੀ ਸੂਬੇ ਦੇ ਪੰਜ ਰੋਜ਼ਾ ਦੌਰੇ ’ਤੇ ਹਨ ਅਤੇ ਉਹ ਨਵੇਂ ਬਣੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਤੇ ਓਲੰਪੀਅਨ ਪਰਗਟ ਸਿੰਘ ਨੂੰ ਨਾਲ ਲੈ ਕੇ ਰੋਜਾਨਾ ਵੱਖ-ਵੱਖ ਇਲਾਕਿਆਂ ਦਾ ਦੌਰਾ ਕਰਕੇ ਉਨਾਂ ਪਰਿਵਾਰਾਂ ਨੂੰ ਮਿਲ ਰਹੇ ਹਨ ਜਿਨਾਂ ਨੇ ਗੈਂਗਸਟਰਵਾਦ ਅਤੇ ਨਸ਼ਿਆਂ ਦਾ ਸੰਤਾਪ ਭੋਗਿਆ ਹੈ। ਅੱਜ ਜਦੋਂ ਸੂਬਾ ਪ੍ਰਧਾਨ ਪਰਗਟ ਸਿੰਘ ਪ੍ਰਧਾਨ ਬਣਨ ਤੋਂ ਬਾਅਦ ਪਹਿਲੀ ਵਾਰ ਹਲਕਾ ਦਾਖਾ ਵਿੱਚੋਂ ਲੰਘਣ ਲੱਗੇ ਤਾਂ ਉਹ ਪਿੰਡ ਦਾਖਾ ਵਿਖੇ ਸਾਬਕਾ ਸਰਪੰਚ ਜਤਿੰਦਰ ਸਿੰਘ ਦਾਖਾ ਅਤੇ ਉਨਾਂ ਦੇ ਸਮਰਥਕਾਂ ਕੋਲ ਕੁੱਝ ਪਲ ਲਈ ਰੁਕੇ । ਜਿੱਥੇ ਜਤਿੰਦਰ ਸਿੰਘ ਦਾਖਾ ਦੀ ਅਗਵਾਈ ਹੇਠ ਸਰਪੰਚ ਦਰਸ਼ਨ ਸਿੰਘ ਵਿਰਕ, ਸਰਪੰਚ ਰਣਜੀਤ ਸਿੰਘ ਭੱਟੀਆਂ, ਸਰਪੰਚ ਵਰਿੰਦਰ ਸਿੰਘ ਮਦਾਰਪੁਰਾ, ਕੌਂਸਲਰ ਇੰਦਰਪਾਲ ਸਿੰਘ, ਕੌਂਸਲਰ ਸੁਭਾਸ਼ ਨਾਗਰ, ਕੌਂਸਲਰ ਤਰਸੇਮ ਕੌਰ ਮਾਨ ਅਤੇ ਕੌਂਸਲਰ ਬੀਬੀ ਸਰਬਜੀਤ ਕੌਰ ਨੇ ਪ੍ਰਗਟ ਸਿੰਘ ਅਤੇ ਉਨਾਂ ਨਾਲ ਪੰਜਾਬ ਇੰਚਾਰਜ ਸਚਿਨ ਪਾਇਲਟ, ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੰਤਰੀ ਵਿਜੇਇੰਦਰ ਸਿੰਗਲਾ ਅਤੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦਾ ਲੋਈਆਂ ਨਾਲ ਸਨਮਾਨ ਕੀਤਾ। ਦਾਖਾ ਪੁੱਜਣ ’ਤੇ ਇਕੱਤਰ ਹੋਏ ਸੈਂਕੜੇ ਨੌਜਵਾਨਾਂ ਨੇ ਆਪਣੇ ਇਹਨਾਂ ਆਗੂਆਂ ਦਾ ਪੂਰਾ ਗਰਮ ਜੋਸ਼ੀ ਨਾਲ ਸਵਾਗਤ ਕਰਦੇ ਹੋਏ ਆਕਾਸ਼ ਗੁਜਾਂਓ ਨਾਰੇਬਾਜੀ ਵੀ ਕੀਤੀ। ਸੂਬਾ ਪ੍ਰਧਾਨ ਪ੍ਰਗਟ ਸਿੰਘ ਅਤੇ ਉਹਨਾਂ ਦੇ ਨਾਲ ਪੁੱਜੇ ਸਾਥੀਆਂ ਵੱਲੋਂ ਸਾਬਕਾ ਸਰਪੰਚ ਜਤਿੰਦਰ ਸਿੰਘ ਦਾਖਾ ਅਤੇ ਉਹਨਾਂ ਨਾਲ ਹਾਜ਼ਰ ਸਰਪੰਚਾਂ, ਕੌਂਸਲਰਾਂ ਅਤੇ ਹਾਜਰੀਨ ਦਾ ਧੰਨਵਾਦ ਕੀਤਾ ਗਿਆ। ਪੰਜਾਬ ਦੇ ਇਹਨਾਂ ਪਹਿਲੀ ਕਤਾਰ ਦੇ ਆਗੂਆਂ ਦੀ ਫੇਰੀ ਨੇ ਹਲਕੇ ਅੰਦਰ ਇੱਕ ਨਵੀਂ ਚਰਚਾ ਜਰੂਰ ਛੇੜ ਦਿੱਤੀ ਹੈ, ਕਿ ਪਹਿਲੀ ਵਾਰ ਪੁੱਜੇ ਪੰਜਾਬ ਇੰਚਾਰਜ ਅਤੇ ਸੂਬਾ ਪ੍ਰਧਾਨ ਦਾ ਹਲਕਾ ਦਾਖਾ ਇੰਚਾਰਜ ਵੱਲੋਂ ਕਿਉ ਸਨਮਾਨ ਨਹੀਂ ਕੀਤਾ ਗਿਆ। ਦਰਜਨ ਪਿੰਡਾਂ ਦੇ ਸਰਪੰਚਾਂ ਅਤੇ ਨਗਰ ਕੌਂਸਲ ਮੁੱਲਾਂਪੁਰ ਦਾਖਾ ਦੇ ਮੌਜੂਦਾ ਕਈ ਕੌਂਸਲਰਾਂ ਵੱਲੋਂ ਜਤਿੰਦਰ ਸਿੰਘ ਦਾਖਾ ਦੀ ਅਗੁਵਾਈ ਹੇਠ ਇਕੱਤਰਤਾ ਨੇ ਵੀ ਹਲਕੇ ਅੰਦਰ ਸੱਭ ਅੱਛਾ ਨਾ ਹੋਣ ਦੇ ਸਪਸ਼ਟ ਸੰਕੇਤ ਦੇ ਦਿੱਤੇ ਹਨ। ਮੰਡੀ ਮੁੱਲਾਂਪੁਰ ਅਤੇ ਇਸਦੇ ਨਾਲ ਲੱਗਦੇ ਪਿੰਡਾਂ ਅੰਦਰ ਭਾਵੇਂ ਇਸ ਖਬਰ ਦੀ ਕਿਸੇ ਨੂੰ ਭਿਣਕ ਤੱਕ ਨਹੀਂ ਸੀ, ਪਰ ਦਾਖਾ ਵਿਖੇ ਸੈਂਕੜੇ ਵਿਅਕਤੀਆਂ ਵੱਲੋਂ ਇਕੱਤਰ ਹੋ ਕੇ ਸਨਮਾਨ ਕਰਨਾ ਵੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।






### ਸ਼ਹਿਰ ਅੰਦਰ ਹਲਕਾ ਇੰਚਾਰਜ ਦੀ ਤਸਵੀਰ ਤੋਂ ਬਿਨਾ ਲੱਗੇ ਬੋਰਡ ਵੀ ਚਰਚਾ ’ਚ

ਮੰਡੀ ਮੁੱਲਾਂਪੁਰ ਅਤੇ ਮੁੱਖ ਮਾਰਗ ’ਤੇ ਹਲਕਾ ਦਾਖਾ ਦੇ ਇੰਚਾਰਜ ਕੈਪਟਨ ਸੰਦੀਪ ਸੰਧੂ ਦੀ ਤਸਵੀਰ ਤੋਂ ਬਿਨਾ ਲਗਾਏ ਗਏ ਸਵਾਗਤੀ ਬੋਰਡਾਂ ਦੀ ਵੀ ਖ਼ੂਬ ਚਰਚਾ ਹੋ ਰਹੀ ਹੈ । ਇਹਨਾਂ ਬੋਰਡਾਂ ’ਤੇ ਸੱਭ ਤੋਂ ਉਪਰ ਪੰਜਾਬ ਮਾਮਲਿਆਂ ਦੇ ਇੰਚਾਰਜ ਸਚਿਨ ਪਾਇਲਟ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਸਾਬਕਾ ਮੰਤਰੀ ਰਾਣਾ ਗੁਰਜੀਤ ਸਿੰਘ ਦੀਆਂ ਤਸਵੀਰਾਂ ਅਤੇ ਉਹਨਾਂ ਤੋਂ ਹੇਠਾਂ ਪੰਜਾਬ ਪ੍ਰਧਾਨ ਪਰਗਟ ਸਿੰਘ ਅਤੇ ਸਾਬਕਾ ਮੰਤਰੀ ਭਾਰਤ ਭੂਸ਼ਣ ਆਸ਼ੂ ਦੀਆਂ ਤਸਵੀਰਾਂ ਵੱਡੀਆਂ ਕਰਕੇ ਲਗਾਈਆਂ ਹੋਈਆਂ ਹਨ ਅਤੇ ਨਾਲ ਹੀ ਬੋਰਡ ਦੇ ਹੇਠਾਂ ਨਗਰ ਕੌਂਸਲ ਮੁੱਲਾਂਪੁਰ ਦਾਖਾ ਦੇ ਸਾਬਕਾ ਪ੍ਰਧਾਨ ਅਤੇ ਮੌਜੂਦਾ ਕੌਂਸਲਰ ਤੇਲੂ ਰਾਮ ਬਾਂਸਲ, ਗੁਰਜੀਤ ਸਿੰਘ ਸਰਪੰਚ ਈਸੇਵਾਲ, ਸਰਪੰਚ ਦਰਸ਼ਨ ਸਿੰਘ ਬਿਰਕ , ਸਰਪੰਚ ਵਰਿੰਦਰ ਸਿੰਘ ਮਦਾਰਪੁਰਾ ਅਤੇ ਸੁੱਖਾ ਬਾਸੀਆਂ ਬੇਟ ਦੀਆਂ ਤਸਵੀਰਾਂ ਹਰ ਰਾਹਗੀਰ ਦਾ ਧਿਆਨ ਖਿੱਚ ਰਹੀਆਂ ਹਨ ।

FT ਹੱਕ ਸੱਚ ਦੀ ਆਵਾਜ਼ ਫਤਿਹ ਟਾਈਮਜ਼ CHANNEL
ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।
ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ ਮੋ; 99885-37575

Editor,Owner and Publisher Sarbjot Singh Sandha on behalf of Fateh Times online news and media company Regd:PB22000167,Published from Fateh Times H/O Mankdeka Road , Fatehabad,(Tarntaran) 143407
ਅਦਾਲਤੀ ਸ਼ਿਕਾਇਤਾਂ ਅਤੇ ਝਗੜਿਆਂ ਦਾ ਨਿਪਟਾਰਾ ਕੇਵਲ ਲੋਕਲ ਸਬ ਡਵੀਜਨ ਖਡੂਰ ਸਾਹਿਬ ਵਿਖੇ ਹੀ ਹੋਵੇਗਾ।

# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਰਹੇ ਜੇਤੂ



ਸ੍ਰੀ ਗੋਇੰਦਵਾਲ ਸਾਹਿਬ, 17 ਅਕਤੂਬਰ (ਐਸ ਐਸ ਸੰਧਾ/ ਦਿਲਬਾਗ ਸਿੰਘ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਖੇਡ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੀਆਂ "ਖੇਡਾਂ ਵਤਨ ਪੰਜਾਬ ਦੀਆਂ" ਤਹਿਤ ਜ਼ਿਲ੍ਹਾ ਤਰਨ ਤਾਰਨ ਵਿੱਚ ਕਰਵਾਏ ਗਏ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ, ਗੋਇੰਦਵਾਲ ਸਾਹਿਬ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਮ ਰੌਸ਼ਨ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਸ਼੍ਰੀਮਤੀ ਸਤਵੰਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਏ ਗਏ ਅਥਲੈਟਿਕਸ ਮੁਕਾਬਲੇ ਗੁਰੂ ਅਰਜਨ ਦੇਵ ਸਟੇਡੀਅਮ, ਪੁਲਿਸ ਲਾਈਨ, ਤਰਨ ਤਾਰਨ ਵਿਖੇ ਹੋਏ। ਅੰਡਰ-14 ਵਰਗ ਦੀ 60 ਮੀਟਰ ਦੌੜ ਵਿੱਚ ਪ੍ਰਿੰਸ ਕੁਮਾਰ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ 600 ਮੀਟਰ ਦੌੜ ਵਿੱਚ ਉਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਵਰਗ ਦੇ ਜੈਵਲਿਨ ਥਰੋਅ ਵਿੱਚ ਅਰਮਾਨਪ੍ਰੀਤ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। ਅੰਡਰ-17 ਵਰਗ ਵਿੱਚ ਸੁਖਮਨਦੀਪ ਸਿੰਘ ਨੇ 3000 ਮੀਟਰ ਵਾਕ ਰੇਸ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਅਤੇ ਟ੍ਰਿਪਲ ਜੰਪ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਵਰਗ ਦੇ ਜੈਵਲਿਨ ਥਰੋਅ ਵਿੱਚ ਅਕਾਸ਼ਦੀਪ ਸਿੰਘ ਨੇ ਦੂਜਾ ਸਥਾਨ ਹਾਸਲ ਕੀਤਾ। ਸਾਹਿਲਪ੍ਰੀਤ ਸਿੰਘ ਨੇ 400 ਮੀਟਰ ਹਰਡਲਜ਼ ਅਤੇ ਜੈਵਲਿਨ ਥਰੋ ਦੋਵੇਂ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਅੰਡਰ-21 ਵਰਗ ਦੇ ਜੈਵਲਿਨ ਥਰੋਅ ਮੁਕਾਬਲੇ ਵਿੱਚ ਸਿਮਰਪ੍ਰੀਤ ਸਿੰਘ ਨੇ ਦੂਜਾ ਸਥਾਨ ਹਾਸਲ ਕਰਕੇ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਵਿਦਿਆਰਥੀਆਂ ਦੀਆਂ ਇਨ੍ਹਾਂ ਪ੍ਰਾਪਤੀਆਂ ਪਿੱਛੇ ਕੋਚ ਸ. ਸੁਖਵਿੰਦਰ ਸਿੰਘ, ਸ. ਰੇਸ਼ਮ ਸਿੰਘ ਅਤੇ ਮੈਡਮ ਰਾਜਬੀਰ ਕੌਰ ਦੀ ਮਿਹਨਤ ਅਤੇ ਯੋਗ ਅਗਵਾਈ ਦਾ ਅਹਿਮ ਯੋਗਦਾਨ ਰਿਹਾ। ਉਨ੍ਹਾਂ ਵੱਲੋਂ ਵਿਦਿਆਰਥੀਆਂ ਨੂੰ ਲਗਾਤਾਰ ਸਿਖਲਾਈ ਦੇ ਕੇ ਮੁਕਾਬਲਿਆਂ ਲਈ ਤਿਆਰ ਕੀਤਾ ਗਿਆ।

ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਪ੍ਰਿੰਸੀਪਲ ਸ੍ਰੀਮਤੀ ਮਨੀਸ਼ਾ ਸੂਦ ਨੇ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਅਤੇ ਕੋਚ ਸਾਹਿਬਾਨ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਖਿਡਾਰੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਆਉਣ ਵਾਲੇ ਮੁਕਾਬਲਿਆਂ ਲਈ ਹੋਰ ਵੱਧ ਮਿਹਨਤ, ਲਗਨ ਅਤੇ ਬਿਹਤਰ ਤਿਆਰੀ ਨਾਲ ਭਾਗ ਲੈਣ ਲਈ ਪ੍ਰੇਰਿਤ ਕੀਤਾ।

Hotel
EURO
PALACE
&
Restorent
Mandi road
Rewalsar
Wi fi & Rooms
Available
Mob:9817679963


(M) 97819-55016
ਬਲਬੀਰ ਸਿੰਘ
ਟਾਈਫਾਈਡ, ਸਰਵਾਈਕਲ, ਲੀਵਰ ਫੈਟੀ,
ਲੱਤਾਂ ਬਾਹਵਾਂ ਦੀਆਂ ਦਰਦਾਂ ਆਦਿ ਹਰ ਬਿਮਾਰੀ
ਦਾ ਇਲਾਜ ਗਰੰਟੀ ਨਾਲ ਕੀਤਾ ਜਾਂਦਾ ਹੈ ।
ਗੋਇੰਦਵਾਲ ਰੋਡ, ਨੇੜੇ ਬੱਚੜੇ ਵਾਲੀ ਖੂਹੀ, ਤਰਨ ਤਾਰਨ

# ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਖਡੂਰ ਸਾਹਿਬ ਵਿਖੇ 'ਗੁਰੂ ਵਰੋਸਾਈ ਗੁਰਮੁਖੀ' ਵਿਸ਼ੇ 'ਤੇ ਕਰਵਾਇਆ ਗਿਆ ਸੈਮੀਨਾਰ




ਖਡੂਰ ਸਾਹਿਬ/ਤਰਨ ਤਾਰਨ, 17 ਅਕਤੂਬਰ (ਸੰਧਾ) ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਗੁਰਮੁਖੀ ਦਿਵਸ ਮਨਾਉਂਦਿਆਂ 'ਗੁਰੂ ਵਰੋਸਾਈ ਗੁਰਮੁਖੀ' ਸਿਰਲੇਖ ਹੇਠ ਵਿਸ਼ੇਸ਼ ਸੈਮੀਨਾਰ ਸ੍ਰੀ ਗੁਰੂ ਅੰਗਦ ਦੇਵ ਜੀ ਕਾਲਜ ਖਡੂਰ ਸਾਹਿਬ ਵਿਖੇ ਕਰਵਾਇਆ ਗਿਆ। ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ ਵਾਲਿਆਂ ਦੇ ਸਹਿਯੋਗ ਨਾਲ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਇਸ ਸੈਮੀਨਾਰ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਗੁਰਮੁੱਖੀ ਲਿਪੀ ਦੀ ਵਿਸ਼ੇਸ਼ਤਾ ਅਤੇ ਇਸ ਦੇ ਪ੍ਰਚਾਰ ਪ੍ਰਸਾਰ ਬਾਰੇ ਭਾਵਪੂਰਨ ਵਿਚਾਰ ਪੇਸ਼ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਕਮੇਟੀ ਵੱਲੋਂ ਜਨਰਲ ਇਜਲਾਸ ਦੌਰਾਨ ਮਤਾ ਪਾਸ ਕਰਕੇ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਤਾਗੱਦੀ ਦਿਵਸ ਨੂੰ ਗੁਰਮੁਖੀ ਦਿਵਸ ਵਜੋਂ ਮਨਾਉਣ ਦਾ ਫੈਸਲਾ ਕੀਤਾ ਸੀ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਮੁਖੀ ਦਿਵਸ ਨੂੰ ਸਮਰਪਿਤ ਇਹ ਸੈਮੀਨਾਰ ਕਰਵਾਇਆ ਗਿਆ ਹੈ। ਸੈਮੀਨਾਰ ਦੀ ਆਰੰਭਤਾ ਮੌਕੇ ਪਰਮਸ੍ਰੀ ਬਾਬਾ ਸੇਵਾ ਸਿੰਘ ਕਾਰਸੇਵਾ ਖਡੂਰ ਸਾਹਿਬ ਵਾਲਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਗੁਰੂ ਸਾਹਿਬਾਨ ਨੇ ਗੁਰਮੁਖੀ ਲਿਪੀ ਦੇ ਪ੍ਰਚਾਰ ਪ੍ਰਸਾਰ ਨੂੰ ਵੀ ਵਿਸ਼ੇਸ਼ ਮਹੱਤਤਾ ਦਿੱਤੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਇਹ ਉਪਰਾਲਾ ਸ਼ਲਾਘਾਯੋਗ ਹੈ। ਉਨ੍ਹਾਂ ਕਿਹਾ ਕਿ ਅਜਿਹੇ ਉਪਰਾਲੇ ਨਿਰੰਤਰ ਜਾਰੀ ਰਹਿਣੇ ਚਾਹੀਦੇ ਹਨ। ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਨੇ ਕਿਹਾ ਕਿ ਗੁਰਮੁਖੀ ਲਿਪੀ ਸਿੱਖ ਗੁਰੂ ਸਾਹਿਬਾਨ ਦੀ ਮਹਾਨ ਦੇਣ ਅਤੇ ਸਾਡੀ ਮਾਂ-ਬੋਲੀ ਪੰਜਾਬੀ ਦੀ ਅਹਿਮ ਪਛਾਣ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਗੁਰਮੁਖੀ ਅੱਖਰਾਂ ਵਿਚ ਦਰਜ ਹੈ ਅਤੇ ਇਸ ਦੇ ਲਗਾਂ-ਮਾਤਰਾਂ ਤੇ ਸ਼ਬਦ-ਜੋੜਾਂ ਦਾ ਸ਼ੁੱਧ ਉਚਾਰਨ ਅਤੇ ਅਰਥਾਂ ਦੀ ਸਹੀ ਸਮਝ ਨਾਲ ਡੂੰਘਾ ਸਬੰਧ ਹੈ। ਉਨ੍ਹਾਂ ਕਿਹਾ ਕਿ ਗੁਰਬਾਣੀ ਦੇ ਅਨੁਵਾਦ ਹੋਰਨਾਂ ਭਾਸ਼ਾਵਾਂ ਵਿੱਚ ਇਸ ਦੇ ਸੰਦੇਸ਼ ਦੇ ਪ੍ਰਸਾਰ ਲਈ ਸਹਾਈ ਹਨ, ਪਰ ਮੂਲ ਗੁਰਬਾਣੀ ਦੇ ਸ਼ੁੱਧ ਉਚਾਰਨ ਅਤੇ ਭਾਸ਼ਾਈ ਬਾਰੀਕੀਆਂ ਨੂੰ ਸਮਝਣ ਲਈ ਗੁਰਮੁਖੀ ਦਾ ਗਿਆਨ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅੱਜ ਚਿੰਤਾ ਦੀ ਗੱਲ ਹੈ ਕਿ ਸਕੂਲਾਂ ਵਿੱਚ ਪੰਜਾਬੀ ਭਾਸ਼ਾ ਅਤੇ ਗੁਰਮੁਖੀ ਲਿਪੀ ਦੀ ਸਿੱਖਿਆ ਨੂੰ ਅਣਡਿੱਠਾ ਕੀਤਾ ਜਾ ਰਿਹਾ ਹੈ ਅਤੇ ਅਧਿਆਪਕਾਂ ਵਿਚ ਵੀ ਪੈਂਤੀ ਅੱਖਰੀ ਦੇ ਸ਼ੁੱਧ ਉਚਾਰਨ ਪ੍ਰਤੀ ਲੋੜੀਂਦੀ ਜਾਗਰੂਕਤਾ ਦੀ ਘਾਟ ਦਿਖਾਈ ਦਿੰਦੀ ਹੈ। ਉਨ੍ਹਾਂ ਕਿਹਾ ਕਿ ਸਾਡਾ ਸਾਰਿਆਂ ਦਾ ਫ਼ਰਜ਼ ਹੈ ਕਿ ਗੁਰਮੁਖੀ ਦੇ ਪ੍ਰਚਾਰ-ਪ੍ਰਸਾਰ ਲਈ ਯਤਨ ਕਰੀਏ, ਤਾਂ ਜੋ ਗੁਰਬਾਣੀ ਦੀ ਸ਼ੁੱਧਤਾ, ਪੰਜਾਬੀ ਦੀ ਅਮੀਰੀ ਅਤੇ ਸਾਡੀ ਵਿਰਾਸਤ ਆਉਣ ਵਾਲੀਆਂ ਪੀੜ੍ਹੀਆਂ ਤੱਕ ਸੁਰੱਖਿਅਤ ਪਹੁੰਚ ਸਕੇ। ਇਸ ਮੌਕੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਸਿੱਖ ਵਿਸ਼ਵਕੋਸ਼ ਵਿਭਾਗ ਦੇ ਪ੍ਰੋਫ਼ੈਸਰ ਤੇ ਮੁਖੀ ਡਾ. ਪਰਮਵੀਰ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਨੂੰ ਨਿਯਮਬੱਧ ਤੇ ਪ੍ਰਚੱਲਤ ਕਰਨ ਵਿਚ ਅਹਿਮ ਯੋਗਦਾਨ ਪਾਇਆ। ਉਨ੍ਹਾਂ ਕਿਹਾ ਕਿ ਗੁਰਮੁਖੀ ਸਿਰਫ਼ ਲਿਖਣ ਪੜ੍ਹਨ ਦਾ ਸਾਧਨ ਹੀ ਨਹੀਂ, ਸਗੋਂ ਗੁਰਬਾਣੀ ਨੂੰ ਪੜ੍ਹਣ ਸਮਝਣ ਅਤੇ ਗੁਰੂ ਸਾਹਿਬਾਨ ਦੀ ਵਿਚਾਰਧਾਰਾ ਨਾਲ ਜੁੜਨ ਦਾ ਮਾਧਿਅਮ ਵੀ ਹੈ। ਇਸ ਲਈ ਹਰ ਸਿੱਖ ਨੂੰ ਗੁਰਮੁਖੀ ਅੱਖਰਾਂ ਦੀ ਪਛਾਣ ਕਰਨੀ ਅਤੇ ਨਵੀਂ ਪੀੜ੍ਹੀ ਨੂੰ ਇਹ ਲਿਪੀ ਸਿਖਾਉਣ ਲਈ ਆਪਣੀ ਜ਼ੁੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹੋਰ ਭਾਸ਼ਾਵਾਂ ਸਿੱਖਣਾ ਚੰਗੀ ਗੱਲ ਹੈ, ਪਰ ਆਪਣੀ ਮਾਂ ਬੋਲੀ ਅਤੇ ਗੁਰਮੁਖੀ ਲਿਪੀ ਨਾਲ ਜੁੜੇ ਰਹਿਣਾ ਸਾਡੀ ਇਤਿਹਾਸਕ ਵਿਰਾਸਤ ਅਤੇ ਗੁਰਬਾਣੀ ਨਾਲ ਸਾਂਝ ਨੂੰ ਮਜ਼ਬੂਤ ਕਰਨ ਲਈ ਬੇਹੱਦ ਜ਼ਰੂਰੀ ਹੈ।

ਇਸੇ ਦੌਰਾਨ ਸਿੱਖ ਵਿਦਵਾਨ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਕਿਹਾ ਕਿ ਗੁਰਮੁਖੀ ਸਿਰਫ਼ ਲਿਪੀ ਨਹੀਂ, ਸਗੋਂ ਗੁਰਮਤਿ ਵਿਚਾਰਧਾਰਾ, ਗੁਰਬਾਣੀ ਅਤੇ ਗੁਰਮੁਖੀ ਜੀਵਨ ਜਾਂਚ ਲਈ ਅਹਿਮ ਹੈ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਨੇ ਲੋਕਾਂ ਨੂੰ ਅਜਿਹੀ ਭਾਸ਼ਾ ਤੇ ਲਿਪੀ ਨਾਲ ਜੋੜਿਆ, ਜਿਸ ਰਾਹੀਂ ਉਹ ਗੁਰਬਾਣੀ ਦੇ ਗਿਆਨ ਨੂੰ ਸਮਝ ਸਕਣ ਅਤੇ ਆਪਣੇ ਜੀਵਨ ਵਿਚ ਧਾਰਨ ਕਰਨ ਸਕਣ। ਉਨ੍ਹਾਂ ਕਿਹਾ ਕਿ ਗੁਰਮੁਖੀ ਲਿਪੀ ਨੇ ਪੰਜਾਬੀ ਭਾਸ਼ਾ ਦੇ ਵਿਕਾਸ ਦੇ ਨਾਲ-ਨਾਲ ਸਿੱਖ ਪੰਥ ਦੀ ਵਿਲੱਖਣ ਪਛਾਣ ਅਤੇ ਸਵੈਮਾਣ ਨੂੰ ਮਜ਼ਬੂਤ ਕੀਤਾ। ਅੱਜ ਲੋੜ ਹੈ ਕਿ ਅਸੀਂ ਗੁਰਮੁਖੀ ਲਿਪੀ ਤੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਨੂੰ ਆਪਣੀ ਸਾਂਝੀ ਜ਼ੁੰਮੇਵਾਰੀ ਸਮਝੀਏ।

ਸੈਮੀਨਾਰ ਦੌਰਾਨ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜੈਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ ਨੇ ਵੀ ਸੰਬੋਧਨ ਕੀਤਾ। ਸਟੇਜ ਦੀ ਜ਼ੁੰਮੇਵਾਰੀ ਡਾ. ਰਾਜਵਿੰਦਰ ਸਿੰਘ ਜੋਗਾ ਨੇ ਨਿਭਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਬਚਨ ਸਿੰਘ ਕਰਮੂੰਵਾਲਾ, ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਸ. ਅਮਰਜੀਤ ਸਿੰਘ ਬੰਡਾਲਾ, ਧਰਮ ਪ੍ਰਚਾਰ ਕਮੇਟੀ ਦੇ ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਸੁਖਬੀਰ ਸਿੰਘ, ਸਾਬਕਾ ਸਕੱਤਰ ਸ. ਵਰਿਆਮ ਸਿੰਘ ਤੇ ਸਾਬਕਾ ਮੀਤ ਸਕੱਤਰ ਸ. ਜਸਪਾਲ ਸਿੰਘ ਢੱਡੇ, ਇੰਚਾਰਜ ਡਾ. ਰਾਜਵਿੰਦਰ ਸਿੰਘ ਜੋਗਾ, ਇੰਚਾਰਜ ਸ. ਹਰਜਿੰਦਰ ਸਿੰਘ, ਸ੍ਰੀ ਗੁਰੂ ਅੰਗਦ ਦੇਵ ਕਾਲਜ ਖਡੂਰ ਸਾਹਿਬ ਦੇ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ, ਪ੍ਰਿੰਸੀਪਲ ਡਾ. ਗੁਰਜੀਤ ਸਿੰਘ, ਪ੍ਰਿੰਸੀਪਲ ਹਰਮਨਪ੍ਰੀਤ ਸਿੰਘ, ਪ੍ਰਿੰਸੀਪਲ ਰੁਪਿੰਦਰ ਸਿੰਘ, ਪ੍ਰਿੰਸੀਪਲ ਸ. ਸੁਰਜੀਤ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਸੁਪਰਵਾਈਜ਼ਰ ਸ. ਭੁਪਿੰਦਰ ਸਿੰਘ, ਸ੍ਰੀ ਗੋਇੰਦਵਾਲ ਸਿੰਘ ਦੇ ਮੈਨੇਜਰ ਸ. ਨਿਰਮਲ ਸਿੰਘ ਕਾਹਲਵਾਂ, ਮੈਨੇਜਰ ਸ. ਪਰਮਜੀਤ ਸਿੰਘ ਸਮੇਤ ਵਿਦਿਆਰਥੀ ਅਤੇ ਸੰਗਤਾਂ ਹਾਜ਼ਰ ਸਨ।

# ਭਾਜਪਾ ਹਾਈਕਮਾਂਡ ਦਾ ਸਰਹੱਦੀ ਜ਼ਿਲ੍ਹਾ ਤਰਨਤਾਰਨ 'ਤੇ ਵੱਡਾ ਦਾਅ, ਭਰੋਵਾਲ, ਅਲਗੋਂ ਕੋਠੀ ਤੇ ਗਿੱਲ ਨੂੰ ਪ੍ਰਦੇਸ਼ ਕਮੇਟੀ 'ਚ ਥਾਂ ਦੇ ਕੇ ਤਿੰਨ ਸਰਹੱਦੀ ਹਲਕਿਆਂ 'ਚ ਬਣਾਈ ਮਜ਼ਬੂਤ ਪਕੜ



## ਤਰਨਤਾਰਨ ਜ਼ਿਲ੍ਹੇ 'ਚ ਭਾਜਪਾ ਵਰਕਰਾਂ 'ਚ ਖੁਸ਼ੀ ਦੀ ਲਹਿਰ, ਆਗੂਆਂ ਨੇ ਕਿਹਾ - 2027 'ਚ ਬਦਲਾਂਗੇ ਇਤਿਹਾਸ

ਤਰਨ ਤਾਰਨ, 13 ਅਕਤੂਬਰ (ਸੰਧਾ) ਪੰਜਾਬ ਭਾਜਪਾ ਦੀ ਕੇਂਦਰੀ ਅਤੇ ਪ੍ਰਦੇਸ਼ ਹਾਈਕਮਾਂਡ ਨੇ ਲੋਕ ਸਭਾ ਚੋਣਾਂ ਤੋਂ ਬਾਅਦ ਹੁਣ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਸਰਹੱਦੀ ਜ਼ਿਲ੍ਹਿਆਂ 'ਤੇ ਆਪਣਾ ਫੋਕਸ ਤੇਜ਼ ਕਰ ਦਿੱਤਾ ਹੈ। ਇਸੇ ਰਣਨੀਤੀ ਤਹਿਤ ਪੰਥਕ ਅਤੇ ਸਰਹੱਦੀ ਜ਼ਿਲ੍ਹਾ ਤਰਨਤਾਰਨ ਦੇ ਤਿੰਨ ਮਹੱਤਵਪੂਰਨ ਹਲਕਿਆਂ ਤੋਂ ਤਿੰਨ ਜ਼ਮੀਨੀ ਅਤੇ ਜਨ-ਆਧਾਰ ਵਾਲੇ ਆਗੂਆਂ ਨੂੰ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ। ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਹਾਈਕਮਾਂਡ ਵੱਲੋਂ ਜਾਰੀ ਸੂਚੀ ਅਨੁਸਾਰ:

ਖਡੂਰ ਸਾਹਿਬ (ਪੰਥਕ ਹਲਕਾ) ਤੋਂ - ਸ. ਰਮਨਦੀਪ ਸਿੰਘ ਭਰੋਵਾਲ,ਖੇਮਕਰਨ (ਸਰਹੱਦੀ ਹਲਕਾ) ਤੋਂ - ਸ. ਦਲਬੀਰ ਸਿੰਘ ਅਲਗੋਂ ਕੋਠੀ,ਪੱਟੀ ਹਲਕਾ ਤੋਂ - ਐਡਵੋਕੇਟ ਜਸਕਰਨ ਸਿੰਘ ਗਿੱਲ ਨੂੰ ਭਾਰਤੀ ਜਨਤਾ ਪਾਰਟੀ ਦੀ *ਪ੍ਰਦੇਸ਼ ਕਾਰਜਕਾਰਨੀ ਕਮੇਟੀ ਦਾ ਮੈਂਬਰ ਨਿਯੁਕਤ ਕੀਤਾ ਗਿਆ ਹੈ। ਇਹ ਨਿਯੁਕਤੀ ਸਿਰਫ਼ ਅਹੁਦਿਆਂ ਦੀ ਵੰਡ ਨਹੀਂ, ਸਗੋਂ ਇੱਕ ਸਿਆਸੀ ਸੰਦੇਸ਼ ਹੈ। ਭਾਜਪਾ ਹਾਈਕਮਾਂਡ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਪਾਰਟੀ ਕੋਲ ਹੁਣ ਤਰਨਤਾਰਨ ਵਰਗੇ ਸਰਹੱਦੀ ਅਤੇ ਪੰਥਕ ਹਲਕਿਆਂ ਵਿੱਚ ਵੀ ਅਜਿਹੇ ਚਿਹਰੇ ਹਨ ਜੋ ਕਾਂਗਰਸ ਅਤੇ ਆਮ ਆਦਮੀ ਪਾਰਟੀ ਦੇ ਸਮੀਕਰਨ ਵਿਗਾੜ ਸਕਦੇ ਹਨ। ਪਿਛਲੇ ਕਈ ਸਾਲਾਂ ਤੋਂ ਇਹ ਮੰਨਿਆ ਜਾਂਦਾ ਸੀ ਕਿ ਸਰਹੱਦੀ ਪੱਟੀ ਵਿੱਚ ਭਾਜਪਾ ਦਾ ਜਨ-ਆਧਾਰ ਸੀਮਤ ਸੀ ਪਰ ਪਿਛਲੇ ਕੁਝ ਸਮੇਂ ਤੋ ਪਾਰਟੀ ਲੀਡਰਸ਼ਿਪ ਵੱਲੋਂ ਕੀਤੀ ਜਾ ਰਹੀ ਮਿਹਨਤ ਸਦਕਾ ਪਾਰਟੀ ਹੁਣ ਪਿੰਡਾਂ ਚ ਪਕੜ ਬਣਾ ਚੁੱਕੀ ਹੈ ਇਹਨਾਂ ਤਿੰਨਾਂ ਆਗੂਆਂ ਦੀ ਨਿਯੁਕਤੀ ਨਾਲ ਪਾਰਟੀ ਨੇ ਉਸ ਮਿੱਥ ਨੂੰ ਤੋੜ ਦਿੱਤਾ ਹੈ ਕਿ ਪਾਰਟੀ ਕੋਲ ਆਗੂਆਂ ਦੀ ਕਮੀ ਹੈ ।ਰਮਨਦੀਪ ਸਿੰਘ ਭਰੋਵਾਲ ਖਡੂਰ ਸਾਹਿਬ ਜੋ ਕਿ ਪੰਥਕ ਰਾਜਨੀਤੀ ਦਾ ਗੜ੍ਹ ਮੰਨਿਆ ਜਾਂਦਾ ਹੈ, ਉੱਥੇ ਭਰੋਵਾਲ ਨੇ ਵਪਾਰਿਕ ਆਦਾਰਿਆਂ,ਨੌਜਵਾਨਾਂ, ਕਿਸਾਨਾਂ ਅਤੇ ਧਾਰਮਿਕ ਵਰਗ ਵਿੱਚ ਆਪਣੀ ਵੱਖਰੀ ਪਛਾਣ ਬਣਾਈ ਹੈ। ਉਨ੍ਹਾਂ ਦੀ ਦਿਨ-ਰਾਤ ਦੀ ਮਿਹਨਤ ਅਤੇ ਹਰ ਦੁੱਖ-ਸੁੱਖ ਵਿੱਚ ਲੋਕਾਂ ਦੇ ਨਾਲ ਖੜ੍ਹਨ ਹੱਕ ਸੱਚ ਦੀ ਗੱਲ ਕਰਨ ਤੇ ਭੇਦਭਾਵ ਤੋ ਉੱਪਰ ਉਠ ਲੋਕ ਸੇਵਾ ਕਰਨ ਦੀ ਭਾਵਨਾ ਨੇ ਉਨ੍ਹਾਂ ਨੂੰ ਹਲਕੇ ਦਾ ਹਰਮਨ ਪਿਆਰਾ ਆਗੂ ਬਣਾ ਦਿੱਤਾ ਹੈ। ਉਥੇ ਹੀ ਖੇਮਕਰਨ ਦੇਸ਼ ਦੀ ਸਰਹੱਦ ਦਾ ਆਖਰੀ ਹਲਕਾ ਹੈ। ਇੱਥੋਂ ਦਲਬੀਰ ਸਿੰਘ ਅਲਗੋਂ ਕੋਠੀ ਇੱਕ ਅਜਿਹਾ ਨਾਮ ਹੈ ਜਿਸਨੂੰ ਕਿਸਾਨ, ਮਜ਼ਦੂਰ ਅਤੇ ਸਰਹੱਦੀ ਕਿਸਾਨਾਂ ਦੇ ਸਾਥੀ ਵਜੋਂ ਜਾਣਿਆ ਜਾਂਦਾ ਹੈ। ਲੰਬੇ ਸਮੇਂ ਤੋਂ ਭਾਜਪਾ ਦੀ ਵਿਚਾਰਧਾਰਾ ਨਾਲ ਜੁੜੇ ਹੋਣ ਕਰਕੇ ਉਨ੍ਹਾਂ ਦੀ ਪਾਰਟੀ ਪ੍ਰਤੀ ਵਫ਼ਾਦਾਰੀ ਬੇਮਿਸਾਲ ਹੈ।

ਐਡਵੋਕੇਟ ਜਸਕਰਨ ਸਿੰਘ ਗਿੱਲ ਪੜ੍ਹੇ-ਲਿਖੇ, ਨਿਡਰ ਅਤੇ ਕਾਨੂੰਨ ਦੇ ਮਾਹਿਰ ਆਗੂ ਹਨ। ਸ਼ਹਿਰੀ ਵੋਟਰ, ਵਪਾਰੀ ਵਰਗ ਅਤੇ ਨੌਜਵਾਨਾਂ ਵਿੱਚ ਉਨ੍ਹਾਂ ਦੀ ਚੰਗੀ ਪਕੜ ਹੈ। ਉਨ੍ਹਾਂ ਦੇ ਆਉਣ ਨਾਲ ਪੱਟੀ ਵਿੱਚ ਭਾਜਪਾ ਨੂੰ ਬੌਧਿਕ ਅਤੇ ਕਾਨੂੰਨੀ ਤੌਰ 'ਤੇ ਹੋਰ ਬਲ ਮਿਲਿਆ ਹੈ ਇਸ ਖ਼ਬਰ ਦੇ ਆਉਂਦਿਆਂ ਹੀ ਪੂਰੇ ਤਰਨਤਾਰਨ ਜ਼ਿਲ੍ਹੇ ਦੇ ਭਾਜਪਾ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ। ਮੰਡਲ ਪ੍ਰਧਾਨਾਂ ਅਤੇ ਸੈਂਕੜੇ ਵਰਕਰਾਂ ਨੇ ਤਿੰਨਾਂ ਆਗੂਆਂ ਨੂੰ ਫੋਨ ਕਰਕੇ ਵਧਾਈਆਂ ਦਿੱਤੀਆਂ। ਜ਼ਿਲ੍ਹਾ ਲੀਡਰਸ਼ਿਪ ਨੇ ਕਿਹਾ, "ਅਸੀਂ ਕੇਂਦਰੀ ਲੀਡਰਸ਼ਿਪ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ, ਅਮਿਤ ਸ਼ਾਹ ਜੀ, ਨਤਿਨ ਨਬੀਨ ਅਤੇ ਪੰਜਾਬ ਪ੍ਰਭਾਰੀ ਸ਼੍ਰੀ ਸਤੀਸ਼ ਪੂਨੀਆ ਸੰਗਠਨ ਮੰਤਰੀ ਸ਼੍ਰੀ ਨਿਵਾਸਲੂ, ਪ੍ਰਧਾਨ ਕੇਵਲ ਸਿੰਘ ਢਿੱਲੋਂ, ਜਨਰਲ ਸਕੱਤਰ ਜੋਨਲ ਇੰਚਾਰਜ ਰਜੇਸ਼ ਬਾਘਾ ਤੇ ਜਿਲ੍ਹਾ ਪ੍ਰਭਾਰੀ ਸ਼੍ਰੀ ਨਰੇਸ਼ ਸ਼ਰਮਾ ਸਾਬਕਾ ਜਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ, ਜਿਲਾਪ੍ਰਧਾਨ ਸਤਨਾਮ ਸਿੰਘ ਦਾ ਦਿਲੋਂ ਧੰਨਵਾਦ ਕਰਦੇ ਹਾਂ ਜਿਨ੍ਹਾਂ ਨੇ ਸਰਹੱਦੀ ਜ਼ਿਲ੍ਹੇ ਦੇ ਮਿਹਨਤੀ ਵਰਕਰਾਂ ਦੀ ਸੁਣੀ ਅਤੇ ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦਿੱਤਾ।" ਜਨਰਲ ਸਕੱਤਰ ਹਰਪ੍ਰੀਤ ਸਿੰਘ ਸ਼ਿੰਦਬਾਜ, ਸੁਰਜੀਤ ਸਿੰਘ ਸਾਗਰ, ਸਰਕਲ ਪ੍ਰਧਾਨ ਬਾਬਾ ਖੁਸਪਿੰਦਰ ਸਿੰਘ , ਜਵਾਹਰ ਨਈਅਰ, ਨਿਸ਼ਾਨ ਸਿੰਘ, ਲੱਖਾ ਸਿੰਘ , ਸੋਨਾ ਸਿੰਘ, ਅਮਰਜੀਤ ਸਿੰਘ ਵਣਿੰਗ, ਬਲਜੀਤ ਸਿੰਘ ਧੁੰਨ, ਗੁਰਪ੍ਰੀਤ ਸਿੰਘ, ਸਵਿੰਦਰ ਸਿੰਘ, ਨਰੈਣ ਸਿੰਘ, ਸਰਬਜੀਤ ਸਿੰਘ , ਸੁਖਬੀਰ ਸਿੰਘ, ਜੋਗਾ ਸਿੰਘ ਬਲਵਿੰਦਰ ਸਿੰਘ, ਜਗਜੀਤ ਸਿੰਘ ,ਭੁਪਿੰਦਰ ਸਿੰਘ ਚਤਰੱਥ, ਬਾਬਾ ਸਵਰਨ ਸਿੰਘ ਮਾਲਚੱਕ, ਲਖਵਿੰਦਰ ਸਿੰਘ ਖਡੂਰ ਸਾਹਿਬ , ਤਰਸੇਮ ਸਿੰਘ ਛਾਪੜੀਸਾਹਿਬ, ਰਾਜਵਿੰਦਰ ਸਿੰਘ ਧੂੰਦਾ, ਠੇਕੇਦਾਰ ਸੁਖਜਿੰਦਰ ਸਿੰਘ , ਨਰਿੰਦਰ ਸਿੰਘ, ਕੁਲਦੀਪ ਸਿੰਘ, ਹਰਮਨਦੀਪ ਸਿੰਘ ,ਸਾਬਕਾ ਸਰਪੰਚ ਮੇਜਰ ਸਿੰਘ ਅਲਗੋਂ, ਸਾਬਕਾ ਸਰਪੰਚ ਕਸ਼ਮੀਰ ਸਿੰਘ ਵਾਂ, ਗੁਲਾਬ ਸਿੰਘ ਮੱਦਰ, ਜੋਗਿੰਦਰ ਸਿੰਘ ਅਮੀਸ਼ਾਹ, ਸਰਕਲ ਪ੍ਰਧਾਨ ਕੁਲਵੰਤ ਸਿੰਘ ਰਾਮੂਵਾਲ, ਸਰਕਲ ਪ੍ਰਧਾਨ ਸਾਹਿਬ ਸਿੰਘ ਘੁਰਕਵਿੰਡ, ਸਰਕਲ ਪ੍ਰਧਾਨ ਸੁਖਦੇਵ ਸਿੰਘ ਮੱਦਰ,ਸਰਕਲ ਪ੍ਰਧਾਨ ਜਸਬੀਰ ਸਿੰਘ ਪੂਨੀਆ,ਸਰਕਲ ਪ੍ਰਧਾਨ ਨਰਿੰਦਰ ਸਿੰਘ ,ਸਰਕਲ ਪ੍ਰਧਾਨ ਸਰਬਜੀਤ ਸਿੰਘ ਸੇਠ,ਸਾਬਕਾ ਸਰਪੰਚ ਦਿਲਬਾਗ ਸਿੰਘ ਸਿਧਵਾਂ,ਕੁਲਦੀਪ ਸ਼ਰਮਾ ਭੰਡਾਲ,ਨਿਸ਼ਾਨ ਸਰਕਾਰੀਆ ਭੰਡਾਲ,ਸ਼ਮਸ਼ੇਰ ਸਿੰਘ ਵਾਂ,ਗੁਰਸਾਬ ਸਿੰਘ ਵਾੜਾਸ਼ੇਰ ਸਿੰਘ,ਕਵਲਜੀਤ ਸਿੰਘ ਅਲਗੋਂ,ਰਣਜੀਤ ਸਿੰਘ ਅਲਗੋਂ,ਗੁਰਮੇਜ ਸਿੰਘ ਦੋਦੇ,ਸੁਖਵਿੰਦਰ ਸਿੰਘ ਫੌਜੀ ਬਾਸਰਕੇ,ਦਿਲਬਾਗ ਸਿੰਘ ਬਾਸਰਕੇ,ਮਨਜਿੰਦਰ ਸਿੰਘ ਥੇਸਰਹਾਲੀ ,ਬਲਜੀਤ ਸਿੰਘ ਵਾੜਾ ਸ਼ੇਰਸਿੰਘ ਤੇ ਹੋਰ ਵਰਕਰਾਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਚ ਪਾਰਟੀ ਦੀ ਮਜ਼ਬੂਤੀ ਲਈ ਹੋਰ ਮਿਹਨਤ ਕਰ ਪਾਰਟੀ ਦੀ ਜਿੱਤ ਯਕੀਨੀ ਬਣਾਈ ਜਾਵੇਗੀ।

ੴ ਸ੍ਰੀ ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਫਤਿਹ

# ਵੇਖ ਸ਼ਕਤੀ ਗੁਰੂ ਦੀ ਸਿੱਖ ਚਰਖੜੀਆਂ ਤੇ ਚੜਕੇ ਵੀ ਹੱਸਦੇ ਨੇ
# ਗੁਰੂ ਗ੍ਰੰਥ ਸਾਹਿਬ ਤੋਂ ਨਹੀਂ ਕੋਈ ਵੱਡਾ ਇਨਾਂ ਦੇ ਬੁਲੰਦ ਹੋਸਲੇ ਦੱਸਦੇ ਨੇ
# ਸਿੱਖੀ ਧਰਮ 'ਚ ਪੱਕੇ ਰਹੋ ਪਖੰਡਾਂ 'ਚ ਨ ਭਰਮੇ ਜਾਓ।




FT

ਹੱਕ ਸੱਚ ਦੀ ਆਵਾਜ਼

ਫਤਿਹ ਟਾਈਮਜ਼ CHANNEL

ਮਿਆਰੀ ਖਬਰਾਂ ਦੇਖਣ ਲਈ fatehtimes channel ਨੂੰ ਜਰੂਰ ਸਬਸਕਰਾਈਬ ਕਰੋ।

ਫਤਿਹ ਟਾਈਮਜ਼ ਚੈਂਨਲ ਤੇ ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ

ਮੋ; 99885-37575